ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 8 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨੬ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਜਲੰਧਰ ਬੈਂਕ ਡਾਕਾ : ਸਾਬਕਾ ਡੀਐਸਪੀ ਦਾ ਮੁੰਡਾ ਨਿਕਲਿਆ ਮਾਸਟਰ ਮਾਇੰਡ, ਪੁਲਿਸ ਨੇ ਕੀਤਾ ਗ੍ਰਿਫਤਾਰ

**ਜਲੰਧਰ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਲੰਧਰ ’ਚ ਬੀਤੇ ਦਿਨ ਦੁਪਹਿਰ 2:35 ਵਜੇ ਬੈਂਕ ਐਨਕਲੇਵ ਫੇਜ਼-2, ਕੁੱਕੀ ਢਾਬਾ ਰੋਡ, ਖੁਰਲਾ ਕਿੰਗਰਾ ’ਤੇ ਸਥਿਤ ਪੀਐਨਬੀ ਬੈਂਕ ’ਚ 6 ਲੱਖ ਰੁਪਏ ਦੀ ਲੁੱਟ ਦੀ ਘਟਨਾ ਨੂੰ ਪੁਲਿਸ ਨੇ ਸੁਲਝਾ ਲਿਆ ਹੈ। ਦੱਸ ਦਈਏ ਕਿ ਪੁਲਿਸ ਨੇ ਮਾਮਲੇ ਸਬੰਧੀ ਦੋ ਮੁਲਜ਼ਮਾਂ ’ਚੋਂ ਇੱਕ ਮੁਲਜ਼ਮ ਨੂੰ ਕਾਬੂ ਕਰ ਲਿਆ ਹੈ। ਸਭ ਤੋਂ ਹੈਰਾਨੀ ਦੀ ਗੱਲ ਇਹ ਹੈ ਕਿ ਸਾਬਕਾ ਡੀਐਸਪੀ ਦਾ ਮੁੰਡਾ ਬੈਂਕ ਲੁੱਟ ਦਾ ਮਾਸਟਰ ਮਾਇੰਡ ਨਿਕਲਿਆ ਹੈ। ਦੱਸ ਦਈਏ ਕਿ ਪੁਲਿਸ ਵੱਲੋਂ ਮੁਲਜ਼ਮ ਸਿਮਰਨਜੀਤ ਸਿੰਘ ਉਰਫ ਅਮਰੀਕ ਸਿੰਘ ਪੁੱਤਰ ਹਰਭਜਨ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ। ਇਸ ਕੋਲੋਂ ਪੁਲਿਸ ਨੇ 3 ਲੱਖ ਰੁਪਏ ਦੀ ਰਕਮ ਬਰਾਮਦ ਕੀਤੀ ਹੈ। ਮਾਮਲੇ ’ਚ ਦੋ ਮੁਲਜ਼ਮ ਸ਼ਾਮਲ ਸਨ। ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਪੁਲਿਸ ਨੇ ਮਾਮਲੇ ਨੂੰ ਸੁਲਝਾਉਣ ਦਾ ਦਾਅਵਾ ਕੀਤਾ ਹੈ। ਪੁਲਿਸ ਮੁਤਾਬਿਕ ਲੁੱਟ ਦੀ ਰਕਮ ਨੂੰ ਦੋਹਾਂ ਮੁਲਜ਼ਮਾਂ ਨੇ ਆਪਸ ’ਚ 3-3 ਲੱਖ ਰੁਪਏ ’ਚ ਵੰਡ ਲਈ ਸੀ। 3 ਲੱਖ ਰੁਪਏ ਸਿਮਰਨਜੀਤ ਸਿੰਘ ਕੋਲੋਂ ਬਰਾਮਦ ਕਰ ਲਈ ਹੈ। ਬਾਕੀ ਫਰਾਰ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ। ਕਾਬਿਲੇਗੌਰ ਹੈ ਕਿ ਬੀਤੇ ਦਿਨ ਬਾਅਦ ਦੁਪਹਿਰ 2:31 ਵਜੇ ਵਾਪਰੀ, ਜਦੋਂ ਜਲੰਧਰ ਦੇ ਕੁੱਕੀ ਢਾਬ ਏਰੀਏ ਦੇ ਵਿੱਚ ਪੰਜਾਬ ਨੈਸ਼ਨਲ ਬੈਂਕ ਦੇ ਅੰਦਰ ਦੋ ਨਕਾਬਪੋਸ਼ ਲੁਟੇਰੇ ਵੜਦੇ ਵਿਖਾਈ ਦਿੱਤੇ। ਇਸ ਦੌਰਾਨ ਲੁਟੇਰੇ ਸਿੱਧਾ ਕੈਸ਼ੀਅਰ ਕੋਲ ਜਾਂਦੇ ਹਨ ਅਤੇ ਪਿਸਤੌਲ ਦੀ ਨੋਕ ’ਤੇ ਡਰਾਉਂਦੇ ਹੋਏ ਪੈਸੇ ਕੱਢਣ ਲਈ ਕਹਿੰਦੇ ਹਨ। ਸੀਸੀਟੀਵੀ ਵਿੱਚ ਇਹ ਸਾਰੀ ਘਟਨਾ ਵਿਖਾਈ ਦੇ ਰਹੀ ਹੈ, ਜਿਸ ਤੋਂ ਬਾਅਦ ਲੁਟੇਰੇ ਫਰਾਰ ਹੋ ਗਏ।

## ਡੈੱਡਲਾਈਨ ਖਤਮ ਹੋਣ ਤੋਂ ਪਹਿਲਾਂ ਭੜਕੇ ਟਰੰਪ

# ਇਰਾਨ ਦੀ ‘ਰੀੜ੍ਹ ਦੀ ਹੱਡੀ’ ’ਤੇ ਭਿਆਨਕ ਵਾਰ !

**ਵਾਸ਼ਿੰਗਟਨ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਇਰਾਨ ਨੂੰ ਹੋਰਮੁਜ਼ ਦੀ ਖਾੜੀ ਖੋਲ੍ਹਣ ਲਈ ਦਿੱਤੀ ਗਈ 48 ਘੰਟਿਆਂ ਦੀ ਮੋਹਲਤ ਖ਼ਤਮ ਹੋਣ ਜਾ ਰਹੀ ਹੈ। ਇਹ ਡੈੱਡਲਾਈਨ ਖ਼ਤਮ ਹੋਣ ਤੋਂ ਪਹਿਲਾਂ ਹੀ ਟਰੰਪ ਦਾ ਸਬਰ ਖ਼ਤਮ ਹੁੰਦਾ ਜਾ ਰਿਹਾ ਹੈ ਤੇ ਉਨ੍ਹਾਂ ਦੇ ਆਦੇਸ਼ਾਂ ’ਤੇ ਅਮਰੀਕੀ ਫੌਜ ਨੇ ਇਰਾਨ ਦੇ ਤੇਲ ਨਿਰਯਾਤ ਦੇ ਸਭ ਤੋਂ ਵੱਡੇ ਕੇਂਦਰ ‘ਖਾਰਗ ਟਾਪੂ’ ’ਤੇ ਜ਼ਬਰਦਸਤ ਸਟੀਕ ਹਮਲੇ ਕੀਤੇ ਹਨ। ਇਸ ਭਿਆਨਕ ਹਮਲੇ ਨਾਲ ਦੁਨੀਆ ਭਰ ਦੇ ਊਰਜਾ ਬਾਜ਼ਾਰ ਵਿੱਚ ਭੂਚਾਲ ਆ ਗਿਆ ਹੈ। ਖਾਰਗ ਟਾਪੂ, ਜੋ ਕਿ ਇਰਾਨ ਦੇ ਕੁੱਲ ਕੱਚੇ ਤੇਲ ਦੇ ਨਿਰਯਾਤ ਦਾ ਲਗਭਗ 90 ਫ਼ੀਸਦੀ ਹਿੱਸਾ ਸੰਭਾਲਦਾ ਹੈ, ’ਤੇ ਹੋਇਆ ਇਹ ਹਮਲਾ ਇਰਾਨ ਦੀ ਅਰਥਵਿਵਸਥਾ ’ਤੇ ਵੱਡੀ ਸੱਟ ਹੈ। ਅਮਰੀਕੀ ਮਿਜ਼ਾਈਲਾਂ ਨੇ ਟਾਪੂ ’ਤੇ ਸਥਿਤ ਤੇਲ ਟਰਮੀਨਲਾਂ, ਸਟੋਰੇਜ ਟੈਂਕਾਂ ਅਤੇ ਫੌਜੀ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਹੈ। ਹਮਲੇ ਤੋਂ ਤੁਰੰਤ ਬਾਅਦ ਰਾਸ਼ਟਰਪਤੀ ਟਰੰਪ ਨੇ ਕਿਹਾ, “ਅਸੀਂ ਇਰਾਨ ਨੂੰ ਚਿਤਾਵਨੀ ਦਿੱਤੀ ਸੀ ਕਿ ਉਹ ਦੁਨੀਆ ਲਈ ਤੇਲ ਦਾ ਰਸਤਾ ਨਾ ਰੋਕੇ। ਖਾਰਗ ਟਾਪੂ ’ਤੇ ਕੀਤੀ ਗਈ ਕਾਰਵਾਈ ਸਿਰਫ਼ ਇੱਕ ਸ਼ੁਰੂਆਤ ਹੈ। ਜੇਕਰ ਇਰਾਨ ਨੇ ਹੋਰਮੁਜ਼ ਨਾ ਖੋਲ੍ਹਿਆ ਤਾਂ ਉਸ ਦੇ ਸਾਰੇ ਤੇਲ ਹੱਬ ਮਿੱਟੀ ਵਿੱਚ ਮਿਲਾ ਦਿੱਤੇ ਜਾਣਗੇ।” ਹਾਲਾਂਖਿ ਇਰਾਨੀ ਮੀਡੀਆ ਨੇ ਵੀ ਪੁਸ਼ਟੀ ਕੀਤੀ ਹੈ ਕਿ ਟਾਪੂ ’ਤੇ ਕਈ ਵੱਡੇ ਧਮਾਕੇ ਹੋਏ ਹਨ, ਪਰ ਉਨ੍ਹਾਂ ਦਾ ਦਾਅਵਾ ਹੈ ਕਿ ਉਨ੍ਹਾਂ ਦੇ ਏਅਰ ਡਿਫੈਂਸ ਨੇ ਕਈ ਮਿਜ਼ਾਈਲਾਂ ਨੂੰ ਹਵਾ ’ਚ ਹੀ ਤਬਾਹ ਕਰ ਦਿੱਤਾ ਹੈ। ਮਾਹਿਰਾਂ ਅਨੁਸਾਰ ਇਸ ਹਮਲੇ ਤੋਂ ਬਾਅਦ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ 150 ਤੋਂ 200 ਡਾਲਰ ਪ੍ਰਤੀ ਬੈਰਲ ਤੱਕ ਜਾ ਸਕਦੀਆਂ ਹਨ। ਫਿਲਹਾਲ ਟਰੰਪ ਦੀ ਡੈੱਡਲਾਈਨ ਖ਼ਤਮ ਹੋਣ ’ਚ ਕੁਝ ਸਮਾਂ ਬਾਕੀ ਤਾਂ ਹੈ, ਪਰ ਉਸ ਤੋਂ ਪਹਿਲਾਂ ਹੀ ਇਹ ਹਮਲਾ ਕਿਤੇ ਨਾ ਕਿਤੇ ਜੰਗ ਨੂੰ ਹੋਰ ਭੜਕਾਉਣ ਦਾ ਕੰਮ ਕਰੇਗਾ।



## ਰੇਲਵੇ ਲਾਈਨ ਤੋਂ ਪੁਲ ਤੱਕ...ਪੂਰੇ ਈਰਾਨ ’ਚ ਅਮਰੀਕਾ-ਇਜ਼ਰਾਈਲ ਨੇ ਵਰ੍ਹਾ ’ਤੀਆਂ ਮਿਜ਼ਾਈਲਾਂ

ਈਰਾਨ ਦੇ ਖਰਗ ਟਾਪੂ ’ਤੇ ਤਾਬੜ ਤੋੜ ਹਮਲੇ ਕੀਤੇ ਗਏ ਹਨ, ਜਿਸ ਨਾਲ ਖਰਗ ਟਾਪੂ ਧਮਾਕਿਆਂ ਨਾਲ ਦਹਿਲ ਗਿਆ। ਕੋਮ ਸ਼ਹਿਰ ਦੇ ਨੇੜੇ ਇੱਕ ਪੁਲ ਨੂੰ ਵੀ ਨਿਸ਼ਾਨਾ ਬਣਾਇਆ ਗਿਆ। ਆਈ.ਆਰ.ਜੀ.ਸੀ ਨੇ ਅਮਰੀਕਾ ਨੂੰ ਲਾਲ ਲਕੀਰ ਪਾਰ ਨਾ ਕਰਨ ਦੀ ਚੇਤਾਵਨੀ ਦਿੱਤੀ ਹੈ। ਸੂਬਾਈ ਡਿਪਟੀ ਗਵਰਨਰ, ਮੋਰਤੇਜ਼ਾ ਹੇਦਾਰੀ ਨੇ ਕਿਹਾ ਕਿ ਮੰਗਲਵਾਰ ਨੂੰ ਅਮਰੀਕਾ ਅਤੇ ਇਜ਼ਰਾਈਲ ਨੇ ਈਰਾਨੀ ਸ਼ਹਿਰ ਕੋਮ ਦੇ ਨੇੜੇ ਇੱਕ ਪੁਲ ’ਤੇ ਹਮਲਾ ਕੀਤਾ। ਈਰਾਨ ਦੇ ਦੱਖਣ-ਪੱਛਮੀ ਸੂਬੇ ਖੁਜ਼ੇਸਤਾਨ ਵਿੱਚ ਸਥਿਤ ਅਹਵਾਜ਼ ਸ਼ਹਿਰ ਵੀ ਧਮਾਕਿਆਂ ਨਾਲ ਹਿੱਲ ਗਿਆ। ਤਹਿਰਾਨ ਦੇ ਪੱਛਮ ਵਿੱਚ ਸਥਿਤ ਕਰਜ ਸ਼ਹਿਰ ਵਿੱਚ ਵੀ ਧਮਾਕਾ ਹੋਇਆ, ਜਿਸ ਕਾਰਨ ਸ਼ਹਿਰ ਦੇ ਕੁਝ ਇਲਾਕਿਆਂ ਵਿੱਚ ਬਿਜਲੀ ਸਪਲਾਈ ਠੱਪ ਹੋ ਗਈ।ਇਸ ਦੌਰਾਨ, ਮੇਹਰ ਨਿਊਜ਼ ਏਜੰਸੀ ਨੇ ਰਿਪੋਰਟ ਦਿੱਤੀ ਕਿ ਇਜ਼ਰਾਈਲ ਨੇ ਈਰਾਨੀ ਸ਼ਹਿਰ ਕਾਸ਼ਾਨ ਵਿੱਚ ਇੱਕ ਰੇਲਵੇ ਪੁਲ ’ਤੇ ਹਮਲਾ ਕੀਤਾ, ਜਿਸ ਵਿੱਚ ਦੋ ਲੋਕ ਮਾਰੇ ਗਏ। ਇਹ ਹਮਲਾ ਮੱਧ ਈਰਾਨ ਵਿੱਚ ਸਥਿਤ ਯਾਹੀਆ ਅਬਾਦ ਰੇਲਵੇ ਪੁਲ ’ਤੇ ਹੋਇਆ। ਰਿਪੋਰਟ ਅਨੁਸਾਰ ਇਸਫਾਹਨ ਦੇ ਡਿਪਟੀ ਗਵਰਨਰ ਨੇ ਪੁਸ਼ਟੀ ਕੀਤੀ ਕਿ ਹਮਲੇ ਵਿੱਚ ਦੋ ਲੋਕ ਮਾਰੇ ਗਏ ਹਨ। ਇਜ਼ਰਾਈਲੀ ਫੌਜ ਨੇ ਪਹਿਲਾਂ ਈਰਾਨੀ ਨਾਗਰਿਕਾਂ ਨੂੰ ਰਾਤ 9 ਵਜੇ ਤੱਕ ਰੇਲਗੱਡੀ ਰਾਹੀਂ ਯਾਤਰਾ ਨਾ ਕਰਨ ਦੀ ਚੇਤਾਵਨੀ ਦਿੱਤੀ ਸੀ। ਈਰਾਨ ਦੇ ਸ਼ਹਿਰਯਾਰ ਸ਼ਹਿਰ ਵਿੱਚ ਰਿਹਾਇਸ਼ੀ ਇਮਾਰਤ ’ਤੇ ਵਿਸਫੋਟਕ ਪ੍ਰੋਜੈਕਟਾਈਲ ਲੱਗਣ ਦੀ ਖ਼ਬਰ ਹੈ, ਜਿਸ ਵਿੱਚ ਘੱਟੋ-ਘੱਟ ਨੌਂ ਲੋਕਾਂ ਦੀ ਮੌਤ ਹੋ ਗਈ ਅਤੇ 15 ਹੋਰ ਜ਼ਖਮੀ ਹੋ ਗਏ। ਹਮਲੇ ਤੋਂ ਬਾਅਦ ਈਰਾਨ ਦੇ ਕੁਝ ਹਿੱਸਿਆਂ ਵਿੱਚ ਰੇਲਵੇ ਅਤੇ ਬਿਜਲੀ ਸੇਵਾਵਾਂ ਵਿੱਚ ਵਿਘਨ ਪਿਆ। ਇਸ ਦੌਰਾਨ ਈਰਾਨ ਦੇ ਰੈਵੋਲਿਊਸ਼ਨਰੀ ਗਾਰਡਜ਼ ਨੇ ਮੰਗਲਵਾਰ ਨੂੰ ਚੇਤਾਵਨੀ ਦਿੱਤੀ ਕਿ ਉਹ ਮੱਧ ਪੂਰਬ ਤੋਂ ਪਰੇ ਬਦਲਾ ਲੈਣਗੇ ਅਤੇ ਜੇਕਰ ਅਮਰੀਕਾ “ਲਾਲ ਰੇਖਾਵਾਂ” ਪਾਰ ਕਰਦਾ ਹੈ ਤਾਂ ਵਾਸ਼ਿੰਗਟਨ ਅਤੇ ਇਸਦੇ ਸਹਿਯੋਗੀਆਂ ਨੂੰ ਤੇਲ ਅਤੇ ਗੈਸ ਤੋਂ ਵਾਂਝਾ ਕਰ ਦੇਣਗੇ। ਇਸ ਤੋਂ ਪਹਿਲਾਂ ਸੋਮਵਾਰ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵ੍ਹਾਈਟ ਹਾਊਸ ਵਿੱਚ ਇੱਕ ਪ੍ਰੈਸ ਕਾਨਫਰੰਸ ਕੀਤੀ। ਕਾਨਫਰੰਸ ਦੌਰਾਨ ਉਨ੍ਹਾਂ ਚੇਤਾਵਨੀ ਦਿੱਤੀ ਕਿ ਈਰਾਨ ਰਾਤੋ-ਰਾਤ ਤਬਾਹ ਹੋ ਸਕਦਾ ਹੈ, ਅਤੇ ਇਹ ਕੱਲ੍ਹ (ਮੰਗਲਵਾਰ) ਜਲਦੀ ਹੋ ਸਕਦਾ ਹੈ। ਹਾਲਾਂਕਿ ਉਨ੍ਹਾਂ ਇਹ ਵੀ ਕਿਹਾ ਕਿ ਵਿਚੋਲਿਆਂ ਰਾਹੀਂ ਜੰਗਬੰਦੀ ਦੀ ਗੱਲਬਾਤ ਚੱਲ ਰਹੀ ਹੈ, ਪਰ ਹੁਣ ਤੱਕ ਕੋਈ ਠੋਸ ਪ੍ਰਗਤੀ ਨਹੀਂ ਹੋਈ ਹੈ।

## ਨਵਜੋਤ ਕੌਰ ਸਿੱਧੂ ਨੇ ਬਣਾਈ ਨਵੀਂ ਪਾਰਟੀ, ਭਾਜਪਾ ਵਿੱਚ ਸ਼ਾਮਲ ਹੋਣ ਦੀਆਂ ਅਟਕਲਾਂ ’ਤੇ ਲੱਗਿਆ ਵਿਰਾਮ




**ਚੰਡੀਗੜ੍ਹ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਤੋਂ ਕੱਢੇ ਜਾਣ ਤੋਂ ਬਾਅਦ ਭਾਜਪਾ ਵਿੱਚ ਸ਼ਾਮਲ ਹੋਣ ਦੀਆਂ ਅਟਕਲਾਂ ਦੇ ਵਿਚਕਾਰ ਡਾ. ਨਵਜੋਤ ਕੌਰ ਸਿੱਧੂ ਨੇ ਆਪਣੀ ਨਵੀਂ ਪਾਰਟੀ ਦੇ ਗਠਨ ਦਾ ਐਲਾਨ ਕਰਕੇ ਇੱਕ ਵੱਡਾ ਰਾਜਨੀਤਿਕ ਕਦਮ ਚੁੱਕਿਆ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ ’ਤੇ “ਭਾਰਤੀ ਰਾਸ਼ਟਰੀ ਪਾਰਟੀ” ਦੇ ਗਠਨ ਦਾ ਐਲਾਨ ਕਰਦੇ ਹੋਏ ਇੱਕ ਪੋਸਟ ਸਾਂਝੀ ਕੀਤੀ। ਆਪਣੇ ਬਿਆਨ ਵਿੱਚ, ਨਵਜੋਤ ਕੌਰ ਸਿੱਧੂ ਨੇ ਕਿਹਾ ਕਿ ਮੌਜੂਦਾ ਰਾਜਨੀਤਿਕ ਲੀਡਰਸ਼ਿਪ ਦੇ ਪ੍ਰਦਰਸ਼ਨ ਦੇ ਡੂੰਘਾਈ ਨਾਲ ਮੁਲਾਂਕਣ ਤੋਂ ਬਾਅਦ, ਉਨ੍ਹਾਂ ਨੇ ਇੱਕ ਨਵਾਂ ਰਾਸ਼ਟਰੀ ਵਿਕਲਪ ਸਥਾਪਤ ਕਰਨ ਲਈ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਟੀਚਾ ਦੇਸ਼ ਅਤੇ ਲੋਕਾਂ ਦੀ ਸੇਵਾ ਕਰਨਾ ਅਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਪੂਰਾ ਕਰਨਾ ਹੈ। ਆਪਣੇ ਸੰਦੇਸ਼ ਵਿੱਚ, ਉਨ੍ਹਾਂ ਨੇ ਅਧਿਆਤਮਿਕ ਸੋਚ ਅਤੇ “ਸੱਚ ਅਤੇ ਪਿਆਰ” ਦੇ ਮਾਰਗ ’ਤੇ ਚੱਲਣ ਦੀ ਗੱਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਉਹ ਨਿਆਂ, ਸ਼ਾਂਤੀ ਅਤੇ ਸੇਵਾ ਪ੍ਰਾਪਤ ਕਰਨ ਦੇ ਟੀਚੇ ਨਾਲ ਹਰ ਰਾਜ ਵਿੱਚ ਸਮਾਨ ਸੋਚ ਵਾਲੇ ਲੋਕਾਂ ਨਾਲ ਕੰਮ ਕਰੇਗੀ। ਕਾਬਿਲੇਗੌਰ ਹੈ ਕਿ ਪੰਜਾਬ ਬਾਰੇ, ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਸੂਬੇ ਨੂੰ ਇਸਦੀ “ਪੁਰਾਣੀ ਪਛਾਣ” ਵਿੱਚ ਬਹਾਲ ਕਰਨ ਲਈ ਕੰਮ ਕਰੇਗੀ, ਜਿੱਥੇ ਪਿਆਰ, ਸਾਂਝਾ ਸੱਭਿਆਚਾਰ, ਨਿਆਂ ਅਤੇ ਆਜ਼ਾਦੀ ਦੀ ਭਾਵਨਾ ਹੋਵੇਗੀ। ਉਨ੍ਹਾਂ ਨੇ “ਲੋਕਾਂ ਦੀ, ਲੋਕਾਂ ਲਈ ਅਤੇ ਲੋਕਾਂ ਦੁਆਰਾ” ਸਰਕਾਰ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਵੀ ਦੁਹਰਾਇਆ। ਦੱਸਣਯੋਗ ਹੈ ਕਿ 2026 ਦੇ ਸ਼ੁਰੂ ਵਿੱਚ ਕਾਂਗਰਸ ਤੋਂ ਉਨ੍ਹਾਂ ਦੇ ਮੁਅੱਤਲ ਹੋਣ ਤੋਂ ਬਾਅਦ, ਉਨ੍ਹਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੀਆਂ ਅਟਕਲਾਂ ਲਗਾਈਆਂ ਜਾ ਰਹੀਆਂ ਸਨ, ਪਰ ਨਵੀਂ ਪਾਰਟੀ ਦੇ ਐਲਾਨ ਨਾਲ, ਉਨ੍ਹਾਂ ਅਟਕਲਾਂ ਨੂੰ ਵਿਰਾਮ ਲੱਗ ਗਿਆ ਹੈ।

## ਬੰਬ ਧਮਾਕੇ ਨਾਲ ਦਹਿਲਿਆ ਮਣੀਪੁਰ, 5 ਜ਼ਿਲ੍ਹਿਆਂ ’ਚ ਇੰਟਰਨੈੱਟ ਸਸਪੈਂਡ

**ਇੰਫਾਲ (ਮਣੀਪੁਰ), 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮਨੀਪੁਰ ਦੇ ਬਿਸ਼ਨੂਪੁਰ ਜ਼ਿਲ੍ਹੇ ਵਿੱਚ ਸ਼ੱਕੀ ਕੂਕੀ ਅੱਤਵਾਦੀਆਂ ਨੇ ਮੰਗਲਵਾਰ ਨੂੰ ਰਾਕੇਟ ਹਮਲਾ ਕੀਤਾ, ਜਿਸ ਵਿੱਚ ਦੋ ਬੱਚੇ ਮਾਰੇ ਗਏ ਅਤੇ ਉਨ੍ਹਾਂ ਦੀ ਮਾਂ ਜ਼ਖਮੀ ਹੋ ਗਈ। ਹੰਗਾਮਾ ਵੱਧਦਾ ਵੇਖ 5 ਜ਼ਿਲ੍ਹਿਆਂ ਵਿੱਚ ਇੰਟਰਨੈੱਟ ਸੇਵਾਵਾਂ ਮੁਅੱਤਲ ਕਰ ਦਿੱਤੀਆਂ ਗਈਆਂ ਹਨ। ਸਰਕਾਰੀ ਹੁਕਮਾਂ ਅਨੁਸਾਰ, ਮਨੀਪੁਰ ਸਰਕਾਰ ਨੇ ਮੌਜੂਦਾ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਦੇਖਦੇ ਹੋਏ, ਇੰਫਾਲ ਪੱਛਮੀ, ਇੰਫਾਲ ਪੂਰਬੀ, ਥੌਬਲ, ਕਾਕਚਿੰਗ ਅਤੇ ਬਿਸ਼ਨੂਪੁਰ ਜ਼ਿਲ੍ਹਿਆਂ ਵਿੱਚ ਇੰਟਰਨੈੱਟ ਅਤੇ ਮੋਬਾਈਲ ਡਾਟਾ ਸੇਵਾਵਾਂ ਨੂੰ ਤੁਰੰਤ ਪ੍ਰਭਾਵ ਨਾਲ ਅਸਥਾਈ ਤੌਰ ’ਤੇ ਮੁਅੱਤਲ ਕਰਨ ਦੇ ਹੁਕਮ ਦਿੱਤੇ ਹਨ। ਇਹ ਘਟਨਾ ਦੇਰ ਰਾਤ ਕਰੀਬ 1 ਵਜੇ ਦੇ ਵਾਪਰੀ ਜਦੋਂ ਸ਼ੱਕੀ ਅੱਤਵਾਦੀਆਂ ਦੁਆਰਾ ਸੁੱਟਿਆ ਗਿਆ ਬੰਬ ਮੋਇਰੰਗ ਟ੍ਰੋਂਗਲਾਓਬੀ ਵਿੱਚ ਇੱਕ ਘਰ ਉੱਪਰ ਡਿੱਗਿਆ। ਇਸ ਧਮਾਕੇ ਵਿੱਚ ਇੱਕ ਪੰਜ ਸਾਲ ਦਾ ਲੜਕਾ ਅਤੇ ਇੱਕ ਛੇ ਮਹੀਨੇ ਦੀ ਬੱਚੀ ਦੀ ਮੌਤ ਹੋ ਗਈ। ਸਥਾਨਕ ਨਿਵਾਸੀਆਂ ਨੇ ਇਸ ਘਟਨਾ ਦਾ ਵਿਰੋਧ ਕੀਤਾ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਜਦੋਂ ਘਰ ਵਿੱਚ ਬੰਬ ਫਟਿਆ, ਤਾਂ ਉਸ ਸਮੇਂ ਦੋਵੇਂ ਬੱਚੇ ਅਤੇ ਉਨ੍ਹਾਂ ਦੀ ਮਾਂ ਸੁੱਤੇ ਹੋਏ ਸਨ। ਘਟਨਾ ਦੇ ਵਿਰੋਧ ਵਿੱਚ ਸਥਾਨਕ ਨਿਵਾਸੀਆਂ ਨੇ ਪ੍ਰਦਰਸ਼ਨ ਕੀਤਾ ਅਤੇ ਇਲਾਕੇ ਦੇ ਇੱਕ ਪੈਟਰੋਲ ਪੰਪ ਦੇ ਨੇੜੇ ਦੋ ਤੇਲ ਟੈਂਕਰਾਂ ਅਤੇ ਇੱਕ ਟਰੱਕ ਨੂੰ ਅੱਗ ਲਗਾ ਦਿੱਤੀ। ਪ੍ਰਦਰਸ਼ਨਕਾਰੀਆਂ ਨੇ ਮੋਇਰੰਗ ਪੁਲਿਸ ਸਟੇਸ਼ਨ ਦੇ ਸਾਹਮਣੇ ਟਾਇਰ ਸਾੜੇ ਅਤੇ ਇੱਕ ਅਸਥਾਈ ਪੁਲਿਸ ਚੌਕੀ ਨੂੰ ਨੁਕਸਾਨ ਪਹੁੰਚਾਇਆ। ਅਧਿਕਾਰੀ ਨੇ ਕਿਹਾ ਕਿ ਸਥਿਤੀ ਨੂੰ ਕਾਬੂ ਕਰਨ ਲਈ ਇਲਾਕੇ ਵਿੱਚ ਸੁਰੱਖਿਆ ਬਲ ਤਾਇਨਾਤ ਕਰ ਦਿੱਤੇ ਗਏ ਹਨ। ਮੁੱਖ ਮੰਤਰੀ ਵਾਈ. ਖੇਮਚੰਦ ਨੇ ਇਸ ਹਮਲੇ ਨੂੰ “ਬਰਬਰ ਕਾਰਵਾਈ” ਕਿਹਾ ਹੈ। ਉਨ੍ਹਾਂ ਨੇ ਕਿਹਾ ਕਿ ਇਹ “ਮਨੁੱਖਤਾ ’ਤੇ ਸਿੱਧਾ ਹਮਲਾ ਅਤੇ ਮਨੀਪੁਰ ਵਿੱਚ ਸਖ਼ਤ ਮਿਹਨਤ ਨਾਲ ਜਿੱਤੀ ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼” ਹੈ। ਸਿੰਘ ਨੇ ਕਿਹਾ, “ਮੈਂ ਇਸਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਾ ਹਾਂ। ਇਸ ਵਿੱਚ ਕੋਈ ਸ਼ੱਕ ਨਹੀਂ ਹੋਣਾ ਚਾਹੀਦਾ ਕਿ ਜ਼ਿੰਮੇਵਾਰਾਂ ਦੀ ਪਛਾਣ ਕੀਤੀ ਜਾਵੇਗੀ, ਉਨ੍ਹਾਂ ਨੂੰ ਕਾਬੂ ਕੀਤਾ ਜਾਵੇਗਾ ਅਤੇ ਕਾਨੂੰਨ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅਜਿਹੇ ਅੱਤਵਾਦੀ ਕੰਮ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੇ ਜਾਣਗੇ।” ਉਨ੍ਹਾਂ ਨੇ ਲੋਕਾਂ ਨੂੰ ਇੱਕਜੁੱਟ ਰਹਿਣ ਅਤੇ ਫਿਰਕੂ ਸਦਭਾਵਨਾ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਵਿਰੁੱਧ ਮਜ਼ਬੂਤੀ ਨਾਲ ਖੜ੍ਹੇ ਹੋਣ ਦੀ ਅਪੀਲ ਵੀ ਕੀਤੀ। ਪਹਾੜੀ ਖੇਤਰ ਚੁਰਾਚੰਦਪੁਰ ਦੇ ਹੇਠਲੇ ਹਿੱਸੇ ਵਿੱਚ ਸਥਿਤ ਮੋਇਰੰਗ ਟ੍ਰੋਂਗਲਾਓਬੀ ਵਿੱਚ 2023 ਅਤੇ 2024 ਵਿੱਚ ਨਸਲੀ ਟਕਰਾਅ ਦੇ ਸਿਖਰ ਦੌਰਾਨ ਗੋਲੀਬਾਰੀ ਦੀਆਂ ਘਟਨਾਵਾਂ ਅਕਸਰ ਦੇਖਣ ਨੂੰ ਮਿਲੀਆਂ। ਇੱਕ ਹੋਰ ਅਧਿਕਾਰੀ ਨੇ ਕਿਹਾ ਕਿ ਮੰਗਲਵਾਰ ਨੂੰ ਟ੍ਰੋਂਗਲਾਓਬੀ ਦੇ ਨੇੜੇ ਇੱਕ ਖੇਤਰ ਤੋਂ ਇੱਕ ਵਿਸਫੋਟਕ ਯੰਤਰ ਵੀ ਬਰਾਮਦ ਕੀਤਾ ਗਿਆ ਹੈ।



**(ਫਾਈਲ ਫੋਟੋ)**

## ਖਾਲਸਾ ਸਾਜਨਾ ਦਿਵਸ ਮੌਕੇ ਪਾਕਿਸਤਾਨ ਜਾਣ ਲਈ 2840 ਸ਼ਰਧਾਲੂਆਂ ਨੂੰ ਮਿਲਿਆ ਵੀਜ਼ਾ, ਨਾਨ-ਸਿੱਖਾਂ ਦੇ ਵੀਜ਼ੇ ਹੋਏ ਰੱਦ

**ਨਵੀਂ ਦਿੱਲੀ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਸਾਜਨਾ ਦਿਵਸ (ਵਿਸਾਖੀ) ਮੌਕੇ ਪਾਕਿਸਤਾਨ ਜਾਣ ਵਾਲੇ ਭਾਰਤੀ ਸਿੱਖ ਸ਼ਰਧਾਲੂਆਂ ਨੂੰ ਕੁੱਲ 2840 ਵੀਜ਼ਾ ਜਾਰੀ ਹੋਏ ਹਨ। ਦੱਸ ਦਈਏ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੁੱਲ 1795 ਵੀਜ਼ਾ ਭੇਜੇ ਗਏ ਸਨ, ਜਿਨ੍ਹਾਂ ਵਿਚੋਂ ਕੁੱਲ 1763 ਵੀਜ਼ਾ ਮਨਜ਼ੂਰ ਹੋਏ, ਜਦਕਿ 32 ਵੀਜ਼ਾ ਕੱਟੇ ਗਏ ਹਨ। ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਜਾਣ ਵਾਲੇ ਜਥੇ ਲਈ 1763 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਹਨ। ਇਹ ਜਥਾ 10 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਹੋਵੇਗਾ। ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ 1795 ਸ਼ਰਧਾਲੂਆਂ ਦੇ ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ ਦੂਤਾਵਾਸ ਵੱਲੋਂ 1763 ਸ਼ਰਧਾਲੂਆਂ ਨੂੰ ਵੀਜ਼ਾ ਜਾਰੀ ਕੀਤਾ ਗਿਆ ਹੈ, ਜਦਕਿ 32 ਸ਼ਰਧਾਲੂਆਂ ਨੂੰ ਵੀਜ਼ਾ ਨਹੀਂ ਮਿਲ ਸਕਿਆ। ਉਨ੍ਹਾਂ ਕਿਹਾ ਕਿ ਜਥਾ 10 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਹੋਵੇਗਾ, ਜੋ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ ਅਬਦਾਲ ਵਿਖੇ ਖਾਲਸਾ ਸਾਜਨਾ ਦਿਵਸ ਵਿਸਾਖੀ ਦੇ ਮੁੱਖ ਸਮਾਗਮ ਵਿੱਚ ਸ਼ਾਮਲ ਹੋਣ ਉਪਰੰਤ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਕਰਕੇ 19 ਅਪ੍ਰੈਲ ਨੂੰ ਵਾਪਸ ਦੇਸ਼ ਪਰਤੇਗਾ। ਉਨ੍ਹਾਂ ਨੇ ਕਿਹਾ ਕਿ ਪਾਕਿਸਤਾਨ ਜਾਣ ਵਾਲੇ ਸ਼ਰਧਾਲੂ ਜਿਨ੍ਹਾਂ ਦੇ ਵੀਜੇ ਲੱਗੇ ਹਨ ਉਹ ਆਪਣੇ ਪਾਸਪੋਰਟ 9 ਅਪ੍ਰੈਲ ਨੂੰ ਦਫ਼ਤਰੀ ਸਮੇਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸ਼ਰਧਾਲੂਆਂ ਨੂੰ ਵੀਜ਼ਾ ਨਹੀਂ ਮਿਲਿਆ ਉਨ੍ਹਾਂ ਦਾ ਸੀਰੀਅਲ ਨੰਬਰ 144, 146, 161, 163, 201, 225, 245, 250, 251, 252, 304, 370, 413, 441, 509, 510, 524, 645, 652, 679, 680, 895, 1026, 1027, 1038, 1087, 1276, 1277, 1510, 1547, 1785 ਤੇ 1786 ਸਾਮਲ ਹਨ। ਪਾਕਿਸਤਾਨ ਸਰਕਾਰ ਵੱਲੋਂ ਜਾਰੀ ਕੀਤੇ ਗਏ ਕੁੱਲ ਵੀਜ਼ਿਆਂ ’ਚ ਸ਼੍ਰੋਮਣੀ ਕਮੇਟੀ ਤੋਂ ਇਲਾਵਾ ਦਿੱਲੀ ਸਿੱਖ ਕਮੇਟੀ ਨੂੰ 409, ਜੰਮੂ ਗੁਰਦੁਆਰਾ ਕਮੇਟੀ ਨੂੰ 176, ਯੂਪੀ ਨੂੰ 78, ਹਰਿਆਣਾ ਕਮੇਟੀ ਨੂੰ 255 ਤੇ ਹੋਰਾਂ ਨੂੰ ਬਿਨਾਂ ਜਥਾ ਜਾਰੀ ਕੀਤੇ ਗਏ ਹਨ।

**ਦਿੱਲੀ ਕਮੇਟੀ ਨੂੰ 409 ਵੀਜ਼ਾ ਹੋਏ ਜਾਰੀ**-ਉਧਰ, ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਵੱਲੋਂ 451 ਵੀਜ਼ਾ ਭੇਜੇ ਗਏ ਸਨ, ਜਿਸ ਨੂੰ ਲੈ ਕੇ ਪਾਕਿਸਤਾਨ ਸਰਕਾਰ ਵੱਲੋਂ 409 ਵੀਜ਼ਾ ਜਾਰੀ ਕੀਤੇ ਗਏ ਹਨ। ਇਸ ਮੌਕੇ ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਸ਼ਰਧਾਲੂਆਂ ਨੂੰ ਪਾਸਪੋਰਟ ਦਿੰਦੇ ਹੋਏ ਕਿਹਾ ਕਿ ਗੁਰੂ ਸਾਹਿਬ ਦੀ ਕ੍ਰਿਪਾ ਸਦਕਾ ਇਹ ਵੀਜ਼ਾ ਲੱਗੇ ਹਨ। ਹਾਲਾਂਕਿ ਪ੍ਰਧਾਨ ਕਾਲਕਾ ਨੇ ਇਸ ਬਾਰੇ ਸਪੱਸ਼ਟ ਕਾਰਨ ਨਹੀਂ ਦੱਸਿਆ, ਜਿਨ੍ਹਾਂ ਦੇ ਵੀਜ਼ੇ ਨਹੀਂ ਲੱਗੇ ਪਰ ਇਹ ਜ਼ਰੂਰ ਦੱਸਿਆ ਕਿ ‘ਸਿੰਘ’ ਤੇ ‘ਕੌਰ’, ਜਿਨ੍ਹਾਂ ਨਾਂਵਾਂ ਪਿੱਛੇ ਨਹੀਂ ਸੀ, ਉਨ੍ਹਾਂ ਦੇ ਵੀਜ਼ੇ ਨਹੀਂ ਲੱਗੇ।

46ਵਾਂ ਵਿਸ਼ਾਲ ਨਗਰ ਕੀਰਤਨ ਇੰਟਰਨੈਸ਼ਨਲ ਪੰਥਕ ਦਲ ਵੱਲੋਂ

# ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖ਼ਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਪ੍ਰਬੰਧਾ ਹੇਠ ਵੱਖ ਵੱਖ ਪਿੰਡਾਂ ਵਿੱਚ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਭਾਈ ਜਾ ਰਹੀ ਹੈ ਸੇਵਾ










ਫੋਟੋਆਂ ਤੇ ਵੇਰਵਾ : ਹਰਪ੍ਰੀਤ ਸਿੰਘ ਪਠਲਾਵਾ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243








# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਰੇਲਵੇ ਨਾਲ ਸਬੰਧਤ ਮੰਗਾਂ ਨੂੰ ਲੈ ਕੇ ਧੂਰੀ ਵਿਕਾਸ ਮੰਚ ਨੇ ਡੀ.ਆਰ.ਐਮ ਨੂੰ ਸੌਂਪਿਆ ਮੰਗ ਪੱਤਰ

# ਡੀ.ਆਰ.ਐਮ ਨੇ ਦਿੱਤਾ ਮੰਗਾਂ ਨੂੰ ਹੱਲ ਕਰਵਾਉਣ ਦਾ ਭਰੋਸਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅੰਬਾਲਾ ਰੇਲਵੇ ਡਵੀਜਨ ਦੇ ਮੈਨੇਜਰ ਵਿਨੋਦ ਭਾਟੀਆ ਵੱਲੋਂ ਅੱਜ ਸਥਾਨਕ ਰੇਲਵੇ ਸਟੇਸ਼ਨ ਦੇ ਕੀਤੇ ਗਏ ਦੌਰੇ ਦੌਰਾਨ ਧੂਰੀ ਵਿਕਾਸ ਮੰਚ ਧੂਰੀ ਦੇ ਆਹੁੱਦੇਦਾਰਾਂ ਵੱਲੋਂ ਰੇਲਵੇ ਸਟੇਸ਼ਨ 'ਤੇ ਯਾਤਰੂਆਂ ਨੂੰ ਦਰਪੇਸ਼ ਮੁਸ਼ਕਲਾਂ ਸੰਬੰਧੀ ਮੰਗ ਪੱਤਰ ਸੌਂਪਿਆ ਗਿਆ। ਡੀ.ਆਰ.ਐਮ ਵਿਨੋਦ ਭਾਟੀਆ ਅੱਜ ਸਥਾਨਕ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਵਿਕਾਸ ਕਾਰਜਾ ਦਾ ਜਾਇਜਾ ਲੈਣ ਲਈ ਪੁੱਜੇ ਸਨ। ਇਸ ਮੌਕੇ ਧੂਰੀ ਵਿਕਾਸ ਮੰਚ ਧੂਰੀ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਸਕੱਤਰ ਜਨਰਲ ਹੰਸ ਰਾਜ ਬਜਾਜ ਅਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਵੱਲੋਂ ਡੀ.ਆਰ.ਐਮ ਨੂੰ ਸੌਂਪੇ ਗਏ ਮੰਗ ਪੱਤਰ ਰਾਹੀਂ ਰੇਲਵੇ ਗੱਡੀਆਂ ਦੇ ਸਥਾਨਕ ਰੇਲਵੇ ਸਟੇਸ਼ਨ 'ਤੇ ਠਹਿਰਾ ਅਤੇ ਰੂਟ 'ਚ ਵਾਧਾ ਕਰਨ ਦੀ ਮੰਗ ਕਰਦਿਆਂ ਸਵਾਰੀ ਗੱਡੀ ਨੰਬਰ 54631 ਹਿਸਾਰ -ਧੂਰੀ ਨੂੰ ਲੁਧਿਆਣਾ ਤੱਕ, ਰੇਲ ਗੱਡੀ ਨੰਬਰ 54766 ਬਠਿੰਡਾ-ਧੂਰੀ ਨੂੰ ਅੰਬਾਲਾ ਤੱਕ, ਗੱਡੀ ਨੰਬਰ 54553 ਅੰਬਾਲਾ-ਧੂਰੀ ਨੂੰ ਪੁਰਾਣੇ ਸਮੇਂ ਮੁਤਾਬਿਕ ਬਹਾਲ ਕਰਨ, ਰੇਲ ਗੱਡੀਆਂ ਅੰਦਰ ਸਫ਼ਾਈ ਦੇ ਪੁਖਤਾ ਪ੍ਰਬੰਧ ਕਰਨ, ਰੇਲਵੇ ਕੁਆਟਰਾਂ ਦੇ ਨਵੀਨੀਕਰਨ, ਸਟੇਸ਼ਨ 'ਤੇ ਚੱਲ ਰਹੇ ਵਿਕਾਸ ਕਾਰਜਾਂ 'ਚ ਨਿਰਧਾਰਿਤ ਮਾਪ ਦੰਡਾਂ ਮੁਤਾਬਿਕ ਮੈਟੀਰੀਅਲ ਦੀ ਵਰਤੋਂ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ। ਡੀ.ਆਰ.ਐਮ ਵਿਨੋਦ ਭਾਟੀਆ ਨੇ ਭਰੌਸਾ ਦਿੱਤਾ ਕਿ ਮੰਗ ਪੱਤਰ 'ਚ ਸ਼ਾਮਲ ਮੰਗਾਂ ਨੂੰ ਰੇਲਵੇ ਬੋਰਡ ਤੱਕ ਪਹੁੰਚਾ ਕੇ ਹੱਲ ਕਰਵਾਉਣ ਦੀ ਕੋਸ਼ਿਸ ਕੀਤੀ ਜਾਵੇਗੀ।

### ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ

# ਮਨਾਇਆ ਵਿਸ਼ਵ ਸਿਹਤ ਦਿਵਸ






**ਤਲਵੰਡੀ ਸਾਬੋ, 7 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਐਨ.ਐਸ.ਐਸ ਯੂਨਿਟ ਵੱਲੋਂ ਵਿਸ਼ਵ ਸਿਹਤ ਦਿਵਸ ਮੌਕੇ ਇੱਕ ਲੈਕਚਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਐਨ.ਐਸ.ਐਸ ਯੂਨਿਟ ਦੇ ਕੋਆਰਡੀਨੇਟਰ ਡਾ. ਸੁਨੀਤਾ ਰਾਣੀ ਨੇ ਵਿਦਿਆਰਥੀਆਂ ਨੂੰ ਸਰੀਰਕ ਅਤੇ ਮਾਨਸਿਕ ਸਿਹਤ ਪ੍ਰਤੀ ਜਾਗਰੂਕ ਕਰਦਿਆਂ ਕਈ ਪੱਖਾਂ 'ਤੇ ਚਾਨਣਾ ਪਾਇਆ। ਇਸ ਦੌਰਾਨ ਸਰੀਰਕ ਸਿੱਖਿਆ ਦੇ ਸਹਾਇਕ ਪ੍ਰੋ. ਹਰਵਿੰਦਰ ਸਿੰਘ ਨੇ ਵਿਸ਼ਵ ਪੱਧਰੀ ਸਿਹਤ ਦਿਵਸ ਦੀ ਮਹੱਤਤਾ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਚੰਗੀ ਸਿਹਤ ਪ੍ਰਤੀ ਚੇਤਨ ਕਰਦਿਆਂ ਖੇਡ ਮੈਦਾਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਉਹਨਾਂ ਸਰੀਰਕ ਸਿਹਤ ਦੇ ਵਿਕਾਸ ਦੇ ਨਾਲ-ਨਾਲ ਮਾਨਸਿਕ ਸਿਹਤ ਨਾਲ ਸੰਬੰਧਿਤ ਜਾਣਕਾਰੀ ਪ੍ਰਦਾਨ ਕੀਤੀ। ਮੰਚ ਸੰਚਾਲਕ ਦੀ ਭੂਮਿਕਾ ਸਹਾਇਕ ਪ੍ਰੋ. ਗੁਰਮੀਤ ਸਿੰਘ ਵੱਲੋਂ ਨਿਭਾਈ ਗਈ। ਇਸ ਉਪਰੰਤ ਸਹਾਇਕ ਪ੍ਰੋ. ਅਮਨਦੀਪ ਕੌਰ ਦੀ ਦੇਖਰੇਖ ਹੇਠ ਵਿਭਿੰਨ ਸਰੀਰਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨਾਂ ਵਿੱਚੋਂ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਡਾ. ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਅਤੇ ਡਾ. ਬਲਦੇਵ ਸਿੰਘ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਸਨਮਾਨਿਤ ਕੀਤਾ ਗਿਆ। ਕੈਂਪਸ ਡਾਇਰੈਕਟਰ ਪ੍ਰੋ. ਅਮਨਦੀਪ ਸਿੰਘ ਨੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਅਜਿਹੀਆਂ ਗਤੀਵਿਧੀਆਂ ਕਰਵਾਉਂਦੇ ਰਹਿਣ ਦੀ ਪ੍ਰੇਰਨਾ ਦਿੱਤੀ।

# ਦਸਮੇਸ਼ ਕਾਲਜ ਮਹਿਤਾ ਚੌਂਕ ਦਾ ਬੀ.ਕਾਮ ਭਾਗ ਪਹਿਲਾਂ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਂਕ ਮਹਿਤਾ, 7 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਬੀ.ਕਾਮ ਭਾਗ ਪਹਿਲਾਂ ਦੇ ਐਲਾਨੇ ਗਏ ਨਤੀਜੇ ਵਿੱਚ ਦਸਮੇਸ਼ ਕਾਲਜ ਫਾਰ ਵਿਮਨ, ਮਹਿਤਾ ਚੌਂਕ ਦੀਆਂ ਵਿਦਿਆਰਥਣਾਂ ਦਾ ਨਤੀਜਾ ਖੁਸ਼ੀਯੋਗ ਰਿਹਾ। ਸਮੂਹ ਸਟਾਫ ਅਤੇ ਮਾਪਿਆਂ ਦੁਆਰਾ ਇਸ ਸ਼ਾਨਦਾਰ ਨਤੀਜੇ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਵਿਦਿਆਰਥਣਾਂ ਦੁਆਰਾ ਭਵਿੱਖ ਵਿੱਚ ਇਸੇ ਤਰ੍ਹਾਂ ਹੀ ਮਿਹਨਤ ਕਰਦੇ ਰਹਿਣ ਦਾ ਪ੍ਰਣ ਕੀਤਾ। ਬੀ.ਕਾਮ ਭਾਗ ਪਹਿਲਾਂ ਦੀਆਂ ਵਿਦਿਆਰਥਣਾਂ ਦਾ ਨਤੀਜਾ ਸੌ ਫੀਸਦੀ ਰਿਹਾ। ਖੁਸ਼ਪ੍ਰੀਤ ਕੌਰ, ਜਸਪ੍ਰੀਤ ਕੌਰ, ਹਰਸਿਮਰਨਜੀਤ ਕੌਰ ਨੇ ਵਧੀਆ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਕ੍ਰਮਵਾਰ ਪਹਿਲਾਂ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ ਗਿਆ। ਇਸ ਤੋਂ ਇਲਾਵਾ ਬਾਕੀ ਵਿਦਿਆਰਥਣਾਂ ਵੱਲੋਂ ਫਸਟ ਡਵੀਜ਼ਨਾਂ ਵਿੱਚ ਅੰਕ ਪ੍ਰਾਪਤ ਕੀਤੇ ਗਏ ।ਦਸਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰ ਕੇ ਮੁਬਾਰਕਬਾਦ ਦਿੱਤੀ ਤੇ ਉਹਨਾਂ ਨੂੰ ਆਉਣ ਵਾਲੇ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਵਿਦਿਆਰਥਣਾਂ ਦੀ ਹੌਸਲਾ ਅਫਜ਼ਾਈ ਕਰਦੇ ਸਮੇਂ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਮੈ: ਗੁਰਬੀਰ ਕੌਰ, ਡਾਇਰੈਕਟਰ ਮੈ: ਹਰਪ੍ਰੀਤ ਕੌਰ, ਕੋਆਰਡੀਨੇਟਰ ਮੈ: ਰਵਿੰਦਰ ਕੌਰ ਅਤੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸਨ।

# ਚੇਅਰਮੈਨ ਘੁੱਲੀ ਨੇ ਕੀਤਾ ਕੌਲਸੇੜੀ ਤੋਂ ਭੱਦਲਵੱਡ, ਭੋਜੋਵਾਲੀ ਤੱਕ ਸੜਕ ਦਾ ਉਦਘਾਟਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਪਿੰਡ ਕੌਲਸੇੜੀ ਤੋਂ ਵਾਇਆ ਭੱਦਲਵੱਡ ਅਕਾਲ ਅਕੈਡਮੀ ਭੋਜੋਵਾਲੀ ਤੱਕ 3.25 ਕਿਲੋਮੀਟਰ ਬਨਣ ਵਾਲੀ ਨਵੀਂ ਸੜਕ ਦਾ ਉਦਘਾਟਨ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਲਕੇ ਅੰਦਰ ਵਿਕਾਸ ਕਾਰਜਾਂ ਦੀ ਹਨੇਰੀ ਲਿਆਂਦੀ ਹੈ। ਉਨ੍ਹਾਂ ਕਿਹਾ ਕਿ ਧੂਰੀ ਹਲਕੇ ਅੰਦਰ ਨਵੀਆਂ ਸੜਕਾਂ ਜਲਦੀ ਬਣ ਕੇ ਤਿਆਰ ਹੋ ਰਹੀਆਂ ਹਨ ਅਤੇ ਰਹਿੰਦਿਆਂ ਸੜਕਾਂ ਦੇ ਵੀ ਛੇਤੀ ਟੈਂਡਰ ਪ੍ਰਕਿਰਿਆ ਸ਼ੁਰੂ ਹੋਣ ਜਾ ਰਹੀ ਹੈ। ਇਸ ਮੌਕੇ ਆਪ ਆਗੂ ਭਿੰਦਾ ਵਿਰਕ, ਆਪ ਆਗੂ ਗੁਰਵਿੰਦਰ ਸਿੰਘ ਸੋਹੀ, ਆਪ ਆਗੂ ਦਾਰਾ ਸਿੰਘ ਭੋਜੋਵਾਲੀ ਹਾਜਰ ਸਨ।

# ਸ਼੍ਰੋਮਣੀ ਅਕਾਲੀ ਦਲ ਬਾਦਲ ਵਲੋਂ ਤਲਵੰਡੀ ਸਾਬੋ ਵਿਖੇ ਪੰਜਾਬ ਬਚਾਓ ਰੈਲੀ 11 ਨੂੰ

## ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਨੂੰ ਵਿਕਾਸ ਦੀ ਬਜਾਏ ਪਿੱਛੇ ਧੱਕਿਆ- ਰਵੀਪ੍ਰੀਤ ਸਿੰਘ ਸਿੱਧੂ



ਤਲਵੰਡੀ ਸਾਬੋ, 7 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਤਲਵੰਡੀ ਸਾਬੋ ਦੇ ਸਮੂਹ ਵਰਕਰਾਂ, ਸਮਰਥਕਾਂ ਅਤੇ ਆਮ ਲੋਕਾਂ ਨੂੰ 11 ਅਪ੍ਰੈਲ ਨੂੰ ਹੋਣ ਵਾਲੀ "ਪੰਜਾਬ ਬਚਾਓ ਰੈਲੀ" ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਲਈ ਅਪੀਲ ਕੀਤੀ ਗਈ ਹੈ। ਇਹ ਰੈਲੀ ਟਰੈਕਟਰ ਮੰਡੀ ਤਲਵੰਡੀ ਸਾਬੋ ਵਿਖੇ ਸਵੇਰੇ 10 ਵਜੇ ਆਯੋਜਿਤ ਕੀਤੀ ਜਾ ਰਹੀ ਹੈ। ਤਲਵੰਡੀ ਸਾਬੋ ਹਲਕਾ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਇਹ ਰੈਲੀ ਬਹੁਤ ਹੀ ਮਹੱਤਵਪੂਰਨ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਨੂੰ ਵਿਕਾਸ ਦੀ ਬਜਾਏ ਪਿੱਛੇ ਧੱਕ ਦਿੱਤਾ ਹੈ ਅਤੇ ਪੰਜਾਬ ਨੂੰ ਬਚਾਉਣ ਲਈ ਲੋਕਾਂ ਨੂੰ ਇਕੱਠੇ ਹੋਣ ਦੀ ਲੋੜ ਹੈ। ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਕ ਮੈਂਬਰਾਂ ਮਾਵਾਂ, ਭੈਣਾਂ ਅਤੇ ਭਰਾਵਾਂ ਸਮੇਤ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਪਹੁੰਚਣ ਅਤੇ ਇਸਨੂੰ ਕਾਮਯਾਬ ਬਣਾਉਣ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਭਵਿੱਖ ਨੂੰ ਸੁਨਹਿਰਾ ਬਣਾਉਣ ਅਤੇ ਸੂਬੇ ਨੂੰ ਦੁਬਾਰਾ ਤਰੱਕੀ ਦੀਆਂ ਲੀਹਾਂ 'ਤੇ ਲਿਆਉਣ ਲਈ ਆਪਣੀ ਖੇਤਰੀ ਪਾਰਟੀ ਨੂੰ ਮਜ਼ਬੂਤ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਲਕਸ਼ ਹੈ ਅਤੇ ਸ. ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਾਉਣ ਲਈ ਅੱਜ ਤੋਂ ਹੀ ਜਨ ਆਧਾਰ ਮਜ਼ਬੂਤ ਕੀਤਾ ਜਾ ਰਿਹਾ ਹੈ। ਰੈਲੀ ਵਿੱਚ ਪਾਰਟੀ ਦੇ ਕਈ ਸੀਨੀਅਰ ਆਗੂ ਸ਼ਮੂਲੀਅਤ ਕਰਨਗੇ, ਜਿਨ੍ਹਾਂ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬੀਬੀ ਹਰਸਿਮਰਤ ਕੌਰ ਬਾਦਲ, ਬਿਕਰਮ ਸਿੰਘ ਮਜੀਠੀਆ, ਸਿਕੰਦਰ ਸਿੰਘ ਮਲੂਕਾ ਸਮੇਤ ਜ਼ਿਲ੍ਹਾ ਅਤੇ ਸੂਬਾ ਪੱਧਰ ਦੀ ਸਮੂਹ ਲੀਡਰਸ਼ਿਪ ਸ਼ਾਮਲ ਹੋਵੇਗੀ।

405 ਸਾਲਾ ਪ੍ਰਕਾਸ਼ ਪੁਰਬ 'ਤੇ ਵਿਸ਼ੇਸ਼

# "ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ।ਸਭ ਥਾਈਂ ਹੋਇ ਸਹਾਇ ।'

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ 5 ਵੈਸਾਖ 1678 ਬਿਕ੍ਰਮੀ ਸੰਮਤ) ਭਾਵ 1 ਅਪ੍ਰੈਲ ਸੰਨ 1621 ਈਸਵੀ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਗ੍ਰਿਹਿ ਅਤੇ ਮਾਤਾ ਨਾਨਕੀ ਜੀ ਕੁੱਖ ਤੋਂ ਗੁਰੂ ਕੇ ਮਹਿਲ ਅੰਮ੍ਰਿਤਸਰ ਵਿਖੇ ਹੋਇਆ ਸੀ ।ਆਪ ਜੀ ਛੇਵੇਂ ਪਾਤਸ਼ਾਹ ਜੀ ਦੇ ਸਭ ਤੋਂ ਛੋਟੇ ਸਪੁੱਤਰ ਸਨ ।ਆਪ ਜੀ ਦਾ ਨਾਮ ਤਿਆਗ ਮਲ ਰਖਿਆ ਗਿਆ ਸੀ ਪਰ 1635 ਈ: 'ਚ ਕਰਤਾਰਪੁਰ ਵਿਖੇ ਛੇਵੇਂ ਪਾਤਸ਼ਾਹ ਜੀ ਦੇ ਮੁਗਲਾਂ ਨਾਲ ਹੋਏ ਧਰਮ-ਯੁੱਧ ਵਿਚ ਤਿਆਗ ਮਲ ਵਲੋਂ ਬਹਾਦਰੀ ਨਾਲ ਤੇਗ ਦੇ ਜੌਹਰ ਦਿਖਾਉਣ 'ਤੇ ਛੇਵੇਂ ਪਾਤਸ਼ਾਹ ਜੀ ਨੇ ਆਪ ਜੀ ਦਾ ਨਾਮ ਤਿਆਗ ਮਲ ਤੋਂ ਬਦਲਕੇ 'ਤੇਗ ਬਹਾਦਰ' ਰੱਖ ਦਿਤਾ ਸੀ ।ਆਪ ਜੀ ਦਾ ਵਿਆਹ 1634 ਈ: 'ਚ ਕਰਤਾਰਪੁਰ (ਨੇੜੇ ਜਲੰਧਰ) ਨਿਵਾਸੀ ਭਾਈ ਲਾਲ ਚੰਦ ਦੀ ਅਤੇ ਬਿਸ਼ਨ ਕੌਰ ਦੀ ਸਪੁੱਤਰੀ ਮਾਤਾ ਗੁਜਰੀ ਜੀ ਨਾਲ ਹੋਇਆ ਸੀ ।ਆਪ ਜੀ ਦੇ ਗ੍ਰਿਹਿ 32 ਸਾਲ ਬਾਅਦ ਪਟਨਾ ਸਾਹਿਬ ਵਿਖੇ ਪੋਹ ਸੁਦੀ ਸੱਤਵੀਂ ਸੰਨ 1666 ਈ: ਵਿਚ ਬਾਲ ਗੋਬਿੰਦ ਰਾਏ (ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ) ਦਾ ਪ੍ਰਕਾਸ਼ ਹੋਇਆ ਸੀ ।



ਗੁ: ਗੁਰੂ ਕੇ ਮਹਿਲ ਅੰਮ੍ਰਿਤਸਰ



ਆਪ ਜੀ ਦੇ ਚਾਰ ਵੱਡੇ ਭਰਾ (ਬਾਬਾ ਗੁਰਦਿੱਤਾ ਜੀ, ਬਾਬਾ ਅਣੀ ਰਾਏ ਜੀ, ਬਾਬਾ ਸੂਰਜ ਮਲ ਜੀ, ਬਾਬਾ ਅਟੱਲ ਰਾਏ ਜੀ) ਤੇ ਇਕ ਭੈਣ ਬੀਬੀ ਵੀਰੋ ਜੀ ਸਨ ।ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਜਿਥੇ ਸਿੱਖਾਂ ਦੇ ਨੌਵੇਂ ਗੁਰੂ ਰਹੇ ਓਥੇ ਗੁਰੂ ਪਰੰਪਰਾ ਵਿਚ ਆਪ ਜੀ ਨੂੰ ਇਹ ਵੀ ਮਾਣ ਪ੍ਰਾਪਤ ਹੈ ਕਿ ਆਪ ਜੀ ਦੇ ਪੜਦਾਦਾ ਗੁਰੂ (ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ), ਦਾਦਾ ਗੁਰੂ (ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ), ਪਿਤਾ ਗੁਰੂ (ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ), ਭਤੀਜਾ ਗੁਰੂ (ਸਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਭਾਵ ਵੱਡੇ ਭਰਾ ਬਾਬਾ ਗੁਰਦਿੱਤਾ ਜੀ ਦਾ ਬੇਟਾ), ਪੋਤਰਾ ਗੁਰੂ (ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਭਾਵ ਭਤੀਜੇ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦਾ ਬੇਟਾ), ਪੁੱਤਰ ਗੁਰੂ (ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ) ਹੋਏ ਹਨ । ਕੀਰਤਪੁਰ ਸਾਹਿਬ ਵਿਖੇ ਆਪ ਜੀ ਦੇ ਪਿਤਾ ਛੇਵੇਂ ਪਾਤਸ਼ਾਹ ਜੀ ਵਲੋਂ ਜਦ ਪੋਤਰੇ ਹਰਿਰਾਏ ਸਾਹਿਬ ਜੀ ਨੂੰ ਗੁਰਗੱਦੀ ਬਖਸ਼ਕੇ ਜੋਤੀ ਜੋਤ ਸਮਾ ਗਏ ਤਾਂ ਆਪ ਜੀ ਛੇਵੇਂ ਪਾਤਸ਼ਾਹ ਜੀ ਦੇ ਬਚਨਾਂ ਦੀ ਪਾਲਣਾ ਕਰਦੇ ਹੋਏ ਆਪਣੀ ਮਾਤਾ ਨਾਨਕੀ ਜੀ ਨਾਲ ਆਪਣੇ ਨਾਨਕੇ ਪਿੰਡ ਬਾਬਾ ਬਕਾਲਾ ਸਾਹਿਬ ਵਿਖੇ ਆ ਗਏ ਸਨ ।ਆਪ ਜੀ ਨੇ ਇਥੇ ਭੋਰਾ ਸਾਹਿਬ ਵਿੱਚ ਬੈਠਕੇ 26 ਸਾਲ 9 ਮਹੀਨੇ 13 ਦਿਨ ਘੋਰ ਤਪੱਸਿਆ ਕੀਤੀ । ਓਧਰ ਦਿਲੀ ਵਿਖੇ ਅਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਜੋਤੀ ਜੋਤ ਸਮਾਗਮ ਤੋਂ ਪਹਿਲਾਂ ਸਿੱਖਾਂ ਦੇ ਅਗਲੇ ਗੁਰੂ ਸਬੰਧੀ ਬੋਲੇ ਬੋਲ 'ਬਾਬਾ ਵੱਸੇ ਬਕਾਲੇ' ਅਨੁਸਾਰ 1665 ਈਸਵੀ ਨੂੰ ਇਕ ਸਿੱਖ ਵਪਾਰੀ ਭਾਈ ਮੱਖਣ ਸ਼ਾਹ ਲੁਬਾਣੇ ਵਲੋਂ ਬਾਬਾ ਬਕਾਲਾ ਸਾਹਿਬ ਵਿਖੇ ਹੀ ਗੁਰੂਡੰਮ ਦੀਆਂ 22 ਮੰਜੀਆਂ ਲਾਕੇ ਬੈਠੇ ਨਕਲੀ ਗੁਰੂਆਂ ਦਾ ਭਾਂਡਾ ਫੋੜਦੇ ਹੋਏ ਕੋਠੇ 'ਤੇ ਚੜਕੇ 'ਸੱਚਾ ਗੁਰੂ ਲਾਧੋ ਰੇ' 'ਸੱਚਾ ਗੁਰੂ ਲਾਧੋ ਰੇ' (ਭਾਵ ਸੱਚਾ ਗੁਰੂ ਲੱਭ ਪਿਆ) ਦਾ ਹੋਕਾ ਦੇਕੇ ਨੌਵੇਂ ਪਾਤਸ਼ਾਹ ਜੀ ਨੂੰ ਪ੍ਰਗਟ ਕੀਤਾ ਗਿਆ ਸੀ ।ਬਾਬਾ ਬੁੱਢਾ ਸਾਹਿਬ ਜੀ ਦੀ ਵੰਸ਼ਜ ਬਾਬਾ ਗੁਰਦਿੱਤਾ ਰੰਧਾਵਾ ਜੀ ਵਲੋਂ ਆਪ ਜੀ ਨੂੰ ਗੁਰਤਾਗੱਦੀ ਦਾ ਤਿਲਕ ਲਾਇਆ ਗਿਆ । ਇਸ ਤਰ੍ਹਾਂ 44 ਸਾਲ ਦੀ ਉਮਰ ਵਿੱਚ ਆਪ ਜੀ ਗੁਰਤਾਗੱਦੀ 'ਤੇ ਬਿਰਾਜਮਾਨ ਹੋਏ ।ਲਗਭਗ 10 ਸਾਲ 7 ਮਹੀਨੇ ਅਤੇ 18 ਦਿਨ ਆਪ ਜੀ ਨੇ ਗੁਰਤਾਗੱਦੀ 'ਤੇ ਰਹਿਕੇ ਸਿੱਖ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਜਿੱਥੇ ਬਾਣੀ ਦੀ ਰਚਨਾ ਕੀਤੀ ਓਥੇ ਲੰਮੀਆਂ ਯਾਤਰਾਵਾਂ ਕਰਕੇ ਸੰਗਤਾਂ ਨੂੰ ਸਿੱਖ ਧਰਮ ਨਾਲ ਜੋੜਨ ਦਾ ਵੱਡਮੁੱਲਾ ਯੋਗਦਾਨ ਪਾਇਆ ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੀ ਰਚੀ ਬਾਣੀ ਦੇ 15 ਰਾਗਾਂ ਵਿੱਚ ਰਚੇ 59 ਸ਼ਬਦਾਂ ਤੋਂ ਇਲਾਵਾ 57 ਸਲੋਕ ਸ਼ਾਮਲ ਹਨ । ਬਾਣੀ ਦੀ ਰਚਨਾ ਕਰਨ ਵਾਲੇ ਹੋਰ ਗੁਰੂ ਸਾਹਿਬਾਨਾ ਵਲੋਂ ਵੱਖ ਵੱਖ 30 ਰਾਗਾਂ ਵਿੱਚ ਬਾਣੀ ਰਚੀ ਗਈ ਪਰ ਨੌਵੇਂ ਪਾਤਸ਼ਾਹ ਜੀ ਵਲੋਂ ਜੈਜਾਵੰਤੀ ਰਾਗ ਵਿਚ ਬਾਣੀ ਰਚਕੇ ਰਾਗਾਂ ਦੀ ਗਿਣਤੀ 31 ਕਰ ਦਿਤੀ ਗਈ । ਆਪਣੇ ਹੱਥੀਂ ਵਸਾਏ ਚੱਕ ਨਾਨਕੀ ਨਗਰ (ਬਾਅਦ ਦਾ ਨਾਮ ਸ੍ਰੀ ਅਨੰਦਪੁਰ ਸਾਹਿਬ) ਵਿਖੇ ਆਪ ਜੀ ਸ਼ਾਂਤਮਈ ਸਿਖੀ ਦਾ ਪ੍ਰਚਾਰ ਕਰ ਰਹੇ ਸਨ ਕਿ ਸਮੇਂ ਦੇ ਬਾਦਸ਼ਾਹ ਔਰੰਗਜ਼ੇਬ ਵਲੋਂ ਸਤਾਏ ਕਸ਼ਮੀਰੀ ਪੰਡਿਤ ਇਥੇ ਆਕੇ ਫ਼ਰਿਆਦੀ ਹੋਏ ਕਿ ਔਰੰਗਜ਼ੇਬ ਜਬਰੀ ਸਾਡਾ ਧਰਮ ਬਦਲਣ 'ਤੇ ਤੁਲਿਆ ਹੋਇਆ ਹੈ, ਹਿੰਦੂ ਧਰਮੀਆਂ ਦੇ ਹਰੇਕ ਦਿਨ ਸਵਾ ਸਵਾ ਮਣ ਜੰਞੂ ਲਾਹੇ ਜਾ ਰਹੇ ਹਨ ।ਸੋ ਸਾਡਾ ਧਰਮ ਬਚਾਓ ! ਆਪਣੇ 9 ਸਾਲ ਦੇ ਪੁੱਤਰ ਬਾਲ ਗੋਬਿੰਦ ਰਾਏ ਵਲੋਂ ਹਾਮੀਂ ਭਰਨ 'ਤੇ ਆਪ ਜੀ ਕੁਝ ਸਿੱਖਾਂ ਸਮੇਤ ਸ੍ਰੀ ਅਨੰਦਪੁਰ ਸਾਹਿਬ ਤੋਂ ਚੱਲਕੇ ਦਿਲੀ ਖੁਦ ਸ਼ਹੀਦੀ ਪਾਉਣ ਲਈ ਪਹੁੰਚੇ ਸਨ ।ਬਾਦਸ਼ਾਹ ਔਰੰਗਜ਼ੇਬ ਵਲੋਂ ਇਸਲਾਮ ਧਰਮ ਧਾਰਨ ਕਰਨ ਦੀਆਂ ਰੱਖੀਆਂ ਸ਼ਰਤਾਂ ਨਾ ਮੰਨਣ 'ਤੇ 10 ਨਵੰਬਰ 1675 ਈ: ਨੂੰ ਦਿਲੀ ਦੇ ਚਾਂਦਨੀ ਚੌਕ ਵਿਖੇ ਆਪ ਜੀ ਦੇ ਤਿੰਨ ਸਿੱਖਾਂ ਭਾਈ ਮਤੀ ਦਾਸ ਜੀ (ਆਰੇ ਨਾਲ ਚੀਰਿਆ), ਭਾਈ ਸਤੀ ਦਾਸ ਜੀ (ਰੂੰ 'ਚ ਵਲੇਟ ਕੇ ਅੱਗ ਲਾਈ) ਅਤੇ ਭਾਈ ਦਿਆਲਾ ਜੀ (ਪਾਣੀ ਦੀ ਉਬਲਦੀ ਦੇਗ 'ਚ ਬਿਠਾ ਕੇ) ਆਪ ਜੀ ਦੇ ਸਾਹਮਣੇ ਵੱਖ ਵੱਖ ਤਸੀਹੇ ਦੇ ਕੇ ਸ਼ਹੀਦ ਕਰ ਦਿਤਾ ਗਿਆ ਸੀ ਤਾਂ ਕਿ ਆਪ ਜੀ ਇਸਲਾਮ ਧਰਮ ਧਾਰਨ ਕਰ ਲੈਣ ।ਗੁਰੂ ਜੀ ਵਲੋਂ ਵੀ ਔਰੰਗਜ਼ੇਬ ਦੀਆਂ ਸਾਰੀਆਂ ਸ਼ਰਤਾਂ ਠੁਕਰਾ ਦੇਣ ਤੋਂ ਬਾਅਦ ਅਗਲੇ ਦਿਨ 11 ਨਵੰਬਰ 1675 ਈ: ਨੂੰ ਜ਼ਲਾਦ ਵਲੋਂ ਨੌਵੇਂ ਪਾਤਸ਼ਾਹ ਜੀ ਦਾ ਤਲਵਾਰ ਨਾਲ ਸੀਸ ਕੱਟ ਦਿਤਾ ਗਿਆ ।ਹਿੰਦੂ ਧਰਮ ਨੂੰ ਬਚਾਉਣ ਖਾਤਰ ਸ਼ਹੀਦ ਹੋਏ ਨੌਵੇਂ ਪਾਤਸ਼ਾਹ ਜੀ ਦੇ ਧੜ ਦਾ ਸ਼ਸਕਾਰ ਦਿਲੀ ਵਿਖੇ ਹੀ ਲੱਖੀ ਸ਼ਾਹ ਵਣਜਾਰੇ ਨੇ ਆਪਣੇ ਘਰ ਨੂੰ ਅੱਗ ਲਾਕੇ ਕਰ ਦਿਤਾ ਸੀ ਅਤੇ ਭਾਈ ਜੈਤਾ ਜੀ ਵਲੋਂ ਅਨੰਦਪੁਰ ਸਾਹਿਬ ਵਿਖੇ ਲਿਜਾਏ ਗਏ ਸੀਸ ਦਾ ਸਸਕਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਪਰਿਵਾਰ ਵਲੋਂ ਕੀਤਾ ਗਿਆ ਸੀ ।ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਮਨੁੱਖਤਾਂ ਦੀ ਧਾਰਮਿਕ ਆਜ਼ਾਦੀ ਨੂੰ ਕਾਇਮ ਰੱਖਣ ਦੀ ਵੱਡੀ ਮਿਸਾਲ ਹੈ ।ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ 54 ਸਾਲ ਦੀ ਸਰੀਰਕ ਉਮਰ ਵਿੱਚ ਰਹਿਕੇ ਸੰਸਾਰ ਦੇ ਭਲੇ ਲਈ ਜੋ ਸ਼ੁਭ ਕਾਰਜ ਕੀਤੇ ਓਨਾ ਨੂੰ ਯਾਦ ਰੱਖਣ ਲਈ ਆਪ ਜੀ ਦੇ ਸਪੁੱਤਰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਆਪਣੀ ਰਚੀ ਬਾਣੀ ਵਿੱਚ ਜਿਥੇ ਪਹਿਲੇ ਅੱਠ ਗੁਰੂ ਸਾਹਿਬਾਨ ਦੀ ਉਸਤਤਿ ਕੀਤੀ ਹੈ ਹੈ ਓਥੇ ਆਪਣੇ ਪਿਤਾ ਜੀ ਦੀ ਉਸਤਤਿ ਵਿਚ ਲਿਖਿਆ ਹੈ (ਜੋ ਸਿੱਖ ਪੰਥ ਵਲੋਂ ਕੀਤੀ ਜਾਂਦੀ ਨਿੱਤ ਦੀ ਅਰਦਾਸ ਦੀਆਂ ਆਖਰੀ ਲਾਈਨਾ 'ਚ ਦਰਜ ਹਨ) ਕਿ ਜੋ ਵੀ ਪ੍ਰਾਣੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ ਸਿਮਰਨ ਕਰੇਗਾ ਉਸ ਦਾ ਘਰ ਨੌਂ ਨਿਧੀਆਂ (ਖ਼ਜ਼ਾਨਿਆਂ) ਨਾਲ ਭਰਪੂਰ ਰਹੇਗਾ ਅਤੇ ਨੌਵੇਂ ਗੁਰੂ ਜੀ ਸਿਮਰਨ ਕਰਨ ਵਾਲਿਆਂ ਦੇ ਸਦਾ ਅੰਗਸੰਗ ਰਹਿਕੇ ਸਹਾਈ ਹੋਣਗੇ ।ਦਸਵੇਂ ਪਾਤਸ਼ਾਹ ਜੀ ਦਾ ਫੁਰਮਾਨ ਹੈ "ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ।ਸਭ ਥਾਈਂ ਹੋਇ ਸਹਾਇ ।"

**-ਬਾਬਾ ਬੁੱਢਾ ਵੰਸ਼ਜ ਪ੍ਰੋ: ਬਾਬਾ ਨਿਰਮਲ ਸਿੰਘ ਰੰਧਾਵਾ ਗੁਰੂ ਕੀ ਵਡਾਲੀ-ਛੇਹਰਟਾ 9988066466**

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਕਾਲਜ ਮਹਿਤਾ ਦੇ ਕਾਮਰਸ ਵਿਭਾਗ ਦਾ ਨਤੀਜਾ ਰਿਹਾ ਸ਼ਾਨਦਾਰ

## ਬਿਹਤਰੀਨ ਨਤੀਜਿਆਂ ਨੇ ਇਲਾਕੇ ਵਿੱਚ ਦਾਖਲਿਆਂ ਲਈ ਵਧਾਇਆ ਉਤਸ਼ਾਹ




**ਚੌਕ ਮਹਿਤਾ 7 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ .ਕਾਮ ਸਮੈਸਟਰ ਪਹਿਲੇ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ ।ਇਹਨਾਂ ਨਤੀਜਿਆ ਵਿੱਚ ਬੀ.ਕਾਮ ਸਮੈਸਟਰ ਪਹਿਲੇ ਦੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਬੀ.ਕਾਮ ਦੀ ਸੁਮਨਪ੍ਰੀਤ ਕੌਰ , ਗੁਰਲੀਨ ਕੌਰ,ਅਰਮਾਨਦੀਪ ਸਿੰਘ ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਅਜੇ ਇਸਦੇ ਨਾਲ ਹੀ ਨਵਨੀਤ ਕੌਰ ,ਜਪਜੀਤ ਕੌਰ, ਜੈਸਮੀਨ ਕੌਰ, ਸੰਦੀਪ ਕੌਰ, ਮਨਜਿੰਦਰ ਕੌਰ ਅਤੇ ਅਰਪਨਜੋਤ ਸਿੰਘ ਨੇ ਵਧੀਆ ਅੰਕ ਹਾਸਿਲ ਕਰਕੇ ਕਾਲਜ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ। ਇਸ ਬਿਹਤਰੀਨ ਨਤੀਜੇ ਕਰਕੇ ਕਾਲਜ ਵਿੱਚ ਵਿੱਚ ਦਾਖਲਿਆਂ ਦਾ ਰੁਝਾਨ ਕਾਫ਼ੀ ਵਧ ਗਿਆ ਹੈ । ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ ।ਤੁਸੀ ਕਾਲਜ ਦਾ ਮਾਨ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ ।ਉਹਨਾਂ ਨੇ ਵਿਦਿਆਰਥੀਆਂ ਨੂੰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ। ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# 2027 ਬਣੇਗੀ ਵਾਰਿਸ ਪੰਜਾਬ ਦੀ ਸਰਕਾਰ ਏ ਖਾਲਸਾ ਚੱਠਾ, ਬਿੱਟੂ ਚੌਹਾਨ




**ਮਾਲੇਰਕੋਟਲਾ (ਰਣਜੀਤ ਸਿੰਘ ਪੇਧਨੀ )**-ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਉੱਤੇ ਲਗਾਈ ਗਈ ਐਨ ਐਸ ਏ ਨੂੰ ਇਕ ਹੋਰ ਸਾਲ ਬੀਤ ਜਾਣਾ ਸਿਰਫ ਇੱਕ ਵਿਅਕਤੀ ਨਾਲ ਅਨਿਆਇ ਨਹੀਂ, ਸਗੋਂ ਭਾਰਤ ਦੇ ਲੋਕਤੰਤਰ ਦਾ ਘਾਣ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਹਾਜੀ ਬਿੱਟੂ ਚੌਹਾਨ ਮਾਲੇਰਕੋਟਲਾ ਅਤੇ ਸਰਪੰਚ ਸਰਨਾ ਚੱਠਾ ਨੇ ਕੀਤਾ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਗੈਰ ਮੌਜੂਦਗੀ ਦੇ ਬਾਵਜੂਦ, ਖ਼ਡੂਰ ਸਾਹਿਬ ਤੋਂ ਉਹਨਾਂ ਦੀ ਇਤਿਹਾਸਕ ਜਿੱਤ ਅਤੇ ਉਸ ਤੋਂ ਬਾਅਦ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਉਭਾਰ,ਪੰਜਾਬ ਦੀ ਸਿਆਸਤ ਵਿੱਚ ਇੱਕ ਨਵੀਂ ਲਹਿਰ ਦਾ ਸੰਕੇਤ ਹੈ।ਪੰਜਾਬ ਦਾ ਨੌਜਵਾਨ ਵਰਗ ਵੱਡੀ ਗਿਣਤੀ ਵਿੱਚ ਇਸ ਪਾਰਟੀ ਨਾਲ ਜੁੜ ਰਿਹਾ ਹੈ,ਕਿਉਂਕਿ ਉਹਨਾਂ ਨੂੰ ਭਾਈ ਅੰਮ੍ਰਿਤਪਾਲ ਸਿੰਘ ਵਿੱਚ ਆਪਣੀ ਆਵਾਜ਼, ਆਪਣੀ ਪਛਾਣ ਅਤੇ ਆਪਣੇ ਭਵਿੱਖ ਦੀ ਝਲਕ ਦਿਖਾਈ ਦਿੰਦੀ ਹੈ। ਇਹ ਸਿਰਫ ਇੱਕ ਸਿਆਸੀ ਉਭਾਰ ਨਹੀਂ, ਸਗੋਂ ਇੱਕ ਜਾਗਰੂਕਤਾ ਦੀ ਲਹਿਰ ਹੈ ਜੋ ਪੁਰਾਣੀ ਸਿਆਸਤ ਦੇ ਢਾਂਚਿਆਂ ਨੂੰ ਚੁਣੌਤੀ ਦੇ ਰਹੀ ਹੈ। ਇਸਦੇ ਉਲਟ, ਰਿਵਾਇਤੀ ਸਿਆਸੀ ਪਾਰਟੀਆਂ ਦੀ ਹਾਲਤ ਇਹ ਹੈ ਕਿ ਉਹ ਆਪਣੀ ਜਮੀਨ ਖਿਸਕਦੀ ਵੇਖ ਕੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਵਿਰੋਧ ਵਿੱਚ ਇਕ ਪਲੇਟਫਾਰਮ ਤੇ ਇਕੱਠੀਆਂ ਨਜ਼ਰ ਆ ਰਹੀਆਂ ਹਨ। ਜਿਹੜੀਆਂ ਪਾਰਟੀਆਂ ਕਦੇ ਇੱਕ-ਦੂਜੇ ਦੀਆਂ ਵਿਰੋਧੀ ਸਨ,ਅੱਜ ਉਹ ਸਿਰਫ਼ ਇੱਕ ਮੁੱਦੇ 'ਤੇ ਇਕੱਠੀਆਂ ਨਜ਼ਰ ਆ ਰਹੀਆਂ ਹਨ ਜੋ ਹੈ ਭਾਈ ਅੰਮ੍ਰਿਤਪਾਲ ਸਿੰਘ ਦਾ ਵਿਰੋਧ। ਇਹ ਗੱਲ ਸਾਫ਼ ਦਰਸਾਉਂਦੀ ਹੈ ਕਿ ਉਹਨਾਂ ਦਾ ਅਸਲ ਡਰ ਕੀ ਹੈ। ਉਹ ਨਹੀਂ ਚਾਹੁੰਦੀਆਂ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਐਨ ਐਸ ਏ ਖਤਮ ਹੋਵੇ ਜਾਂ ਉਹ ਪੰਜਾਬ ਵਾਪਸ ਆਉਣ, ਕਿਉਂਕਿ ਉਹਨਾਂ ਨੂੰ ਪਤਾ ਹੈ ਕਿ ਜਦੋਂ ਲੋਕਾਂ ਦਾ ਅਸਲੀ ਨੁਮਾਇੰਦਾ ਵਾਪਸ ਆਵੇਗਾ, ਤਾਂ ਝੂਠੀ ਸਿਆਸਤ ਦੀਆਂ ਨੀਂਹਾਂ ਹਿਲ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# 'ਸ਼ਖਸੀਅਤ ਉਸਾਰੀ ਅਤੇ ਆਤਮ ਵਿਕਾਸ' ਲਈ ਪ੍ਰੇਰਨਾ ਭਾਸ਼ਣ ਆਯੋਜਿਤ




**ਬਤਲਵੰਡੀ ਸਾਬੋ, 7 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਹਿਊਮੈਨਟੀਜ਼ ਐਂਡ ਲੈਂਗੂਏਜ਼ਸ ਦੇ ਧਰਮ ਅਧਿਐਨ ਵਿਭਾਗ ਵੱਲੋਂ ਗੁਰੂ ਨਾਨਕ ਚੇਅਰ ਦੇ ਸਹਿਯੋਗ ਨਾਲ ਵਿਦਿਆਰਥੀਆਂ ਦੀ ਸ਼ਖਸੀਅਤ ਉਸਾਰੀ ਅਤੇ ਆਤਮ ਵਿਕਾਸ ਲਈ ਪ੍ਰੇਰਣਾ ਭਾਸ਼ਣ ਆਯੋਜਿਤ ਕੀਤਾ ਗਿਆ। ਜਿਸ ਵਿੱਚ ਨਾਮਵਰ ਚਿੰਤਕ ਅਤੇ ਵਿਦਵਾਨ ਸਤਨਾਮ ਸਿੰਘ ਸਲ੍ਹੋਪੁਰੀ ਨੇ ਮੁੱਖ ਵਕੱਤਾ ਵਜੋਂ ਸ਼ਿਰਕਤ ਕੀਤੀ, ਜਦ ਕਿ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਸਮਾਰੋਹ ਵਿੱਚ ਡੀਨ ਡਾ. ਅਮਿੰਤ ਟੁਟੇਜਾ, ਅਧਿਆਪਕ ਅਤੇ ਲਗਭਗ 400 ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਮੁੱਖ ਵਕੱਤਾ ਸਲ੍ਹੋਪੁਰੀ ਨੇ ਗੁਰਬਾਣੀ ਦੇ ਹਵਾਲੇ ਨਾਲ ਵਿਦਿਆਰਥੀਆਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਉਹਨਾਂ ਵਿਦਿਆਰਥੀਆਂ ਨੂੰ ਪੱਕੇ ਇਰਾਦੇ ਅਤੇ ਇਕਾਗਰਚਿੱਤ ਮਨ ਨਾਲ ਪੜ੍ਹਾਈ ਕਰਨ ਅਤੇ ਗੁਰੂਆਂ ਵੱਲੋਂ ਵਿਖਾਏ ਰਸਤੇ ਤੇ ਚੱਲਦਿਆਂ ਨੇਕ ਜ਼ਿੰਦਗੀ ਬਤੀਤ ਕਰਨ ਲਈ ਕਿਹਾ। ਉਹਨਾਂ ਵਿਦਿਆਰਥੀਆਂ ਨੂੰ ਮੁਸ਼ਿਕਲ ਹਾਲਤਾਂ ਤੋ ਨਾਂ ਘਬਰਾਉਣ ਅਤੇ ਹਮੇਸ਼ਾ ਆਪਣਾ ਮਨੋਬਲ ਚੜ੍ਹਦੀ ਕਲਾ ਵਿੱਚ ਰੱਖਣ ਲਈ ਕਿਹਾ। ਉਹਨਾਂ ਵਿਸ਼ੇਸ਼ ਤੌਰ ਤੇ ਗੁਰਬਾਣੀ ਦਾ ਟੀਕਾ ਕਰਨ ਵਾਲੇ ਮਹਾਨ ਟੀਕਾਕਾਰ ਡਾ. ਸਾਹਿਬ ਸਿੰਘ ਦੇ ਜੀਵਨ ਦਾ ਹਵਾਲਾ ਦਿੰਦਿਆਂ ਔਖੇ ਹਲਾਤਾਂ ਵਿੱਚ ਵੀ ਮੰਜ਼ਿਲ ਫਤਿਹ ਕਰਨ ਦੀ ਗੱਲ ਆਖੀ। ਉਹਨਾਂ ਭਾਰਤੀ ਇਤਿਹਾਸ ਵਿੱਚ ਗੁਰਬਾਣੀ ਦੇ ਸੰਕਲਪਾਂ ਨਾਲ ਸੰਬੰਧਿਤ ਕਿਤਾਬਾਂ ਵੀ ਵਿਦਿਆਰਥੀਆਂ ਨੂੰ ਭੇਟ ਕੀਤੀਆਂ। ਵਾਈਸ ਚਾਂਸਲਰ (ਡਾ.) ਧੀਮਾਨ ਨੇ ਕਿਹਾ ਕਿ ਸੁੱਖ-ਦੁੱਖ ਜ਼ਿੰਦਗੀ ਦੇ ਦੋ ਪਹਿਲੂ ਹਨ, ਜਿਸ ਤਰ੍ਹਾਂ ਧੁੱਪ ਤੇ ਛਾਂ ਸਾਡੀ ਜ਼ਿੰਦਗੀ ਦਾ ਹਿੱਸਾ ਹਨ, ਠੀਕ ਉਸੇ ਤਰ੍ਹਾਂ ਖੁਸ਼ਹਾਲੀ ਅਤੇ ਦੁੱਖ ਸਾਡੇ ਜੀਵਨ ਦਾ ਹਿੱਸਾ ਹਨ। ਇਸ ਲਈ ਮੁਸ਼ਿਕਲ ਘੜੀ ਵਿੱਚ ਹੌਸਲਾਂ ਨਹੀਂ ਛੱਡਣ ਚਾਹੀਦਾ, ਸਗੋਂ ਆਪਣੀ ਮੰਜ਼ਿਲ ਵੱਲ ਵਧਣਾ ਚਾਹੀਦਾ ਹੈ। ਕਿਉਂਕਿ ਹਰੇਕ ਨੂੰ "ਆਪਣਾ ਮੂਲ ਪਛਾਣ" ਦੇ ਫਲਸਫੇ ਅਨੁਸਾਰ ਚੜ੍ਹਦੀ ਕਲਾ 'ਚ ਰਹਿਣ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਸਮਾਰੋਹ ਦਾ ਸੰਚਾਲਨ ਕਰਦੇ ਹੋਏ ਵਿਭਾਗ ਮੁੱਖੀ ਡਾ. ਗੁਰਜੀਤ ਸਿੰਘ ਖਾਲਸਾ ਨੇ ਕਿਹਾ ਕਿ ਮੁਸ਼ਿਕਲ ਸਾਡੇ ਜੀਵਨ ਦੀ ਪਰੀਖਿਆ ਦਾ ਸਮਾਂ ਹੁੰਦਾ ਹੈ, ਇਸ ਲਈ ਸੰਕਟ ਦੀ ਘੜੀ ਸਮੇਂ ਪਰਮਾਤਮਾ ਵਿੱਚ ਵਿਸ਼ਵਾਸ ਰੱਖਦੇ ਹੋਏ, ਆਪਣੇ ਸੱਚੇ ਕਰਮ ਕਰਦੇ ਰਹਿਣਾ ਚਾਹੀਦਾ ਹੈ। ਆਯੋਜਕਾਂ ਵੱਲੋਂ ਮੁੱਖ ਵਕੱਤਾ ਨੂੰ ਦੁਸ਼ਾਲੇ ਅਤੇ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਜਦੂਤ ਡਾ. ਪਰਵਿੰਦਰ ਸਿੰਘ ਨੇ ਪੰਜਾਬ ਨੂੰ 'ਭਵਿੱਖ ਦੀਆਂ ਪੀੜ੍ਹੀਆਂ ਲਈ ਸ਼ਾਂਤੀ ਦੀ ਚੋਣ ਕਰਨ' ਦੀ ਅਪੀਲ ਕੀਤੀ

# ਵਿਸ਼ਵ ਬੁੱਧ ਫੈਡਰੇਸ਼ਨ ਦੇ ਪ੍ਰਧਾਨ ਨੂੰ ਹੁਸ਼ਿਆਰਪੁਰ ਵਿੱਚ ਸਨਮਾਨਿਤ ਕੀਤਾ ਗਿਆ, ਭਾਈਚਾਰਿਆਂ ਨੂੰ ਵੰਡ ਤੋਂ ਉੱਪਰ ਸਦਭਾਵਨਾ ਨੂੰ ਰੱਖਣ ਦਾ ਸੱਦਾ ਦਿੱਤਾ



**ਹੁਸ਼ਿਆਰਪੁਰ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰਾਜਦੂਤ ਡਾ. ਪਰਵਿੰਦਰ ਸਿੰਘ, ਇੱਕ ਸ਼ਾਂਤੀ ਵਕੀਲ ਜਿਸਨੇ ਵਿਸ਼ਵ ਸ਼ਾਂਤੀ ਸੰਸਥਾ ਅਤੇ ਸੰਯੁਕਤ ਰਾਸ਼ਟਰ ਨਾਲ ਜੁੜੇ ਅੰਤਰਰਾਸ਼ਟਰੀ ਫੋਰਮਾਂ ਨਾਲ ਕੰਮ ਕੀਤਾ ਹੈ, ਨੇ ਪੰਜਾਬ ਦੇ ਦੌਰੇ ਦੀ ਵਰਤੋਂ ਲੋਕਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਦੀ ਖ਼ਾਤਰ ਜਨਤਕ ਜੀਵਨ ਦੇ ਕੇਂਦਰ ਵਿੱਚ ਸ਼ਾਂਤੀ, ਸੰਵਾਦ ਅਤੇ ਆਪਸੀ ਸਤਿਕਾਰ ਰੱਖਣ ਦਾ ਸੱਦਾ ਦਿੱਤਾ। ਡਾ. ਸਿੰਘ, ਜੋ ਵਿਸ਼ਵ ਬੁੱਧ ਫੈਡਰੇਸ਼ਨ ਦੇ ਪ੍ਰਧਾਨ ਵਜੋਂ ਸੇਵਾ ਨਿਭਾਉਂਦੇ ਹਨ, ਨੂੰ ਹੁਸ਼ਿਆਰਪੁਰ, ਪੰਜਾਬ ਵਿੱਚ ਇੱਕ ਪ੍ਰੋਗਰਾਮ ਦੌਰਾਨ ਰਸਮੀ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਸਮਾਰੋਹ ਦੀ ਅਗਵਾਈ ਜਸਵੀਰ ਸਿੰਘ ਜੌੜਾ, ਪ੍ਰਸ਼ੋਤਮ ਲਾਲ ਡਰੋਚ, ਪੰਜਾਬ ਕ੍ਰਾਈਮ ਨਿਊਜ਼ ਦੇ ਸੰਪਾਦਕ, ਅਤੇ ਸਤੀਸ਼ ਜੌੜਾ, ਮਨੁੱਖੀ ਅਧਿਕਾਰ ਕਮਿਸ਼ਨ, ਜ਼ਿਲ੍ਹਾ ਹੁਸ਼ਿਆਰਪੁਰ (ਕੋਰ ਗਰੁੱਪ) ਦੇ ਮੈਂਬਰ ਨੇ ਕੀਤੀ। ਸਥਾਨਕ ਮਨੁੱਖੀ ਅਧਿਕਾਰਾਂ ਦੇ ਵਕੀਲ, ਭਾਈਚਾਰਕ ਆਗੂ ਅਤੇ ਮੀਡੀਆ ਪ੍ਰਤੀਨਿਧੀ ਇਸ ਸਮਾਗਮ ਵਿੱਚ ਸ਼ਾਮਲ ਹੋਏ, ਜਿਸ ਵਿੱਚ ਖੇਤਰ ਵਿੱਚ ਸ਼ਾਂਤੀ, ਮਨੁੱਖੀ ਮਾਣ ਅਤੇ ਸਮਾਜਿਕ ਜ਼ਿੰਮੇਵਾਰੀ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਬੁਲਾਰਿਆਂ ਨੇ ਹਿੰਸਾ ਨੂੰ ਰੋਕਣ, ਨਿਆਂ ਨੂੰ ਉਤਸ਼ਾਹਿਤ ਕਰਨ ਅਤੇ ਕਮਜ਼ੋਰ ਭਾਈਚਾਰਿਆਂ ਨੂੰ ਆਵਾਜ਼ ਦੇਣ ਵਿੱਚ ਸੁਤੰਤਰ ਮੀਡੀਆ ਅਤੇ ਸਿਵਲ ਸਮਾਜ ਦੀ ਭੂਮਿਕਾ 'ਤੇ ਚਾਨਣਾ ਪਾਇਆ।



ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਸੰਬੋਧਨ ਵਿੱਚ, ਡਾ. ਸਿੰਘ ਨੇ ਪੰਜਾਬ ਦੇ ਲੋਕਾਂ ਨੂੰ ਇੱਕ ਸਪੱਸ਼ਟ ਅਤੇ ਜ਼ਰੂਰੀ ਸੰਦੇਸ਼ ਦਿੱਤਾ: ਸ਼ਾਂਤੀ ਇੱਕ ਵਿਕਲਪ ਨਹੀਂ ਹੈ, ਸਗੋਂ ਇੱਕ ਜ਼ਰੂਰਤ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਮਤਭੇਦਾਂ ਨੂੰ ਬੱਚਿਆਂ ਅਤੇ ਨੌਜਵਾਨਾਂ ਦੇ ਭਵਿੱਖ ਦੀ ਰੱਖਿਆ ਲਈ ਸਾਂਝੀ ਜ਼ਿੰਮੇਵਾਰੀ ਨੂੰ ਕਦੇ ਵੀ ਢਾਹ ਨਹੀਂ ਲੱਗਣ ਦੇਣਾ ਚਾਹੀਦਾ।

"ਅੱਜ ਅਸੀਂ ਜੋ ਵੀ ਫੈਸਲਾ ਲੈਂਦੇ ਹਾਂ - ਭਾਵੇਂ ਰਾਜਨੀਤੀ ਵਿੱਚ, ਭਾਈਚਾਰਕ ਜੀਵਨ ਵਿੱਚ ਜਾਂ ਇੱਥੋਂ ਤੱਕ ਕਿ ਸਾਡੇ ਘਰਾਂ ਵਿੱਚ ਵੀ - ਉਸ ਦੁਨੀਆ ਨੂੰ ਆਕਾਰ ਦਿੰਦਾ ਹੈ ਜੋ ਸਾਡੇ ਬੱਚੇ ਵਿਰਾਸਤ ਵਿੱਚ ਪ੍ਰਾਪਤ ਕਰਨਗੇ," ਉਨ੍ਹਾਂ ਕਿਹਾ। "ਜੇ ਅਸੀਂ ਗੁੱਸੇ ਅਤੇ ਵੰਡ ਨੂੰ ਆਮ ਬਣਾਉਂਦੇ ਹਾਂ, ਤਾਂ ਉਹ ਇਹ ਵਿਸ਼ਵਾਸ ਕਰਦੇ ਹੋਏ ਵੱਡੇ ਹੋਣਗੇ ਕਿ ਟਕਰਾਅ ਕੁਦਰਤੀ ਹੈ। ਜੇ ਅਸੀਂ ਹਮਦਰਦੀ ਅਤੇ ਸੰਵਾਦ ਨੂੰ ਮਾਡਲ ਬਣਾਉਂਦੇ ਹਾਂ, ਤਾਂ ਉਹ ਇਹ ਵਿਸ਼ਵਾਸ ਕਰਦੇ ਹੋਏ ਵੱਡੇ ਹੋਣਗੇ ਕਿ ਸ਼ਾਂਤੀ ਸੰਭਵ ਹੈ।" ਡਾ. ਸਿੰਘ ਨੇ ਅੰਤਰ-ਧਰਮ ਸਮਝ, ਸਿੱਖਿਆ ਅਤੇ ਜ਼ਮੀਨੀ ਪੱਧਰ ਦੀਆਂ ਪਹਿਲਕਦਮੀਆਂ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਜੋ ਸਮਾਜਿਕ ਅਤੇ ਧਾਰਮਿਕ ਲੀਹਾਂ 'ਤੇ ਭਾਈਚਾਰਿਆਂ ਨੂੰ ਇਕੱਠੇ ਕਰਦੇ ਹਨ। ਉਨ੍ਹਾਂ ਨੇ ਪੰਜਾਬ ਅਤੇ ਵਿਆਪਕ ਭਾਰਤੀ ਅਤੇ ਵਿਸ਼ਵਵਿਆਪੀ ਡਾਇਸਪੋਰਾ ਵਿੱਚ ਨੌਜਵਾਨਾਂ ਨੂੰ ਆਪਣੇ ਆਪ ਨੂੰ ਸ਼ਾਂਤੀ ਦੇ ਨਿਰਮਾਤਾ ਵਜੋਂ ਦੇਖਣ ਲਈ ਉਤਸ਼ਾਹਿਤ ਕੀਤਾ, ਨਾ ਕਿ ਪੈਸਿਵ ਨਿਰੀਖਕਾਂ ਵਜੋਂ।

ਆਪਣੀ ਟਿੱਪਣੀ ਨੂੰ ਸਮਾਪਤ ਕਰਦੇ ਹੋਏ, ਡਾ. ਸਿੰਘ ਨੇ ਨੇਤਾਵਾਂ, ਸੰਸਥਾਵਾਂ ਅਤੇ ਆਮ ਨਾਗਰਿਕਾਂ ਨੂੰ ਇੱਕੋ ਜਿਹੇ ਅਪੀਲ ਕੀਤੀ: "ਆਓ ਆਪਾਂ ਸ਼ਾਂਤੀ ਨੂੰ ਆਪਣੀ ਸਭ ਤੋਂ ਵੱਡੀ ਤਰਜੀਹ ਬਣਾਈਏ। ਅਗਲੀ ਪੀੜ੍ਹੀ ਨੂੰ ਅਸੀਂ ਸਭ ਤੋਂ ਵੱਡਾ ਤੋਹਫ਼ਾ ਦੇ ਸਕਦੇ ਹਾਂ ਉਹ ਇੱਕ ਅਜਿਹਾ ਸਮਾਜ ਹੈ ਜਿੱਥੇ ਉਹ ਸੁਰੱਖਿਅਤ, ਸਤਿਕਾਰਯੋਗ ਅਤੇ ਆਪਣੇ ਭਵਿੱਖ ਬਾਰੇ ਉਮੀਦ ਮਹਿਸੂਸ ਕਰਦੇ ਹਨ।

# 2027 'ਚ ਬਣੇਗੀ ਅਕਾਲੀ ਦਲ ਬਾਦਲ ਦੀ ਸਰਕਾਰ : ਰਣਜੀਤ ਸਿੰਘ ਰੰਧਾਵਾ ਕਾਤਰੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਵਿਧਾਨ ਸਭਾ ਹਲਕਾ ਧੂਰੀ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ (ਬਾਦਲ) ਪੰਜਾਬ ਵਿੱਚ ਮਜ਼ਬੂਤ ਸਰਕਾਰ ਬਣਾਏਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਨਾਲ ਹਰ ਵਰਗ ਨਾਰਾਜ਼ ਹੈ ਅਤੇ ਲੋਕ ਬਦਲਾਅ ਦੀ ਮੰਗ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਲੜਦਾ ਆਇਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਭਾਰੀ ਜਨ ਸਮਰਥਨ ਮਿਲੇਗਾ। ਉਨ੍ਹਾਂ ਕਿਹਾ ਕਿ ਧੂਰੀ ਹਲਕੇ ਵਿੱਚ ਪਾਰਟੀ ਦੀ ਸਥਿਤੀ ਦਿਨੋ-ਦਿਨ ਮਜ਼ਬੂਤ ਹੋ ਰਹੀ ਹੈ। ਵਰਕਰ ਪੂਰੀ ਤਨਦਿਹੀ ਨਾਲ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾ ਰਹੇ ਹਨ, ਜਿਸ ਕਾਰਨ ਲੋਕਾਂ ਵਿੱਚ ਅਕਾਲੀ ਦਲ ਪ੍ਰਤੀ ਵਿਸ਼ਵਾਸ ਵਧ ਰਿਹਾ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਇਕਜੁੱਟ ਹੋ ਕੇ ਕੰਮ ਕਰਨ ਅਤੇ ਆਉਣ ਵਾਲੀਆਂ ਚੋਣਾਂ ਲਈ ਹੁਣ ਤੋਂ ਹੀ ਤਿਆਰੀਆਂ ਸ਼ੁਰੂ ਕਰਨ, ਤਾਂ ਜੋ ਪੰਜਾਬ ਵਿੱਚ ਮੁੜ ਅਕਾਲੀ ਦਲ ਦੀ ਸਰਕਾਰ ਬਣਾਈ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਡਾ. ਬਲਦੇਵ ਸਿੰਘ ਚੀਮਾ ਵੱਲੋਂ ਡਾ. ਦਰਸ਼ਨ ਸਿੰਘ ਖਾਲਸਾ ਨੂੰ ਧਾਰਮਿਕ ਕਿਤਾਬ ਭੇਂਟ



**ਤਲਵੰਡੀ ਸਾਬੋ, 07 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਇਲਾਕੇ ਪਿੰਡ ਕੇਵਲ ਦੇ ਸਮਾਜ ਸੇਵੀ ਅਤੇ ਲੇਖਕ ਡਾ. ਬਲਦੇਵ ਸਿੰਘ ਚੀਮਾ ਵੱਲੋਂ ਆਪਣੀ ਲਿਖੀ ਹੋਈ ਪ੍ਰਾਚੀਨ ਧਾਰਮਿਕ ਕਿਤਾਬ ਅੱਜ ਪਟਿਆਲਾ ਵਿਖੇ ਪਹੁੰਚ ਕੇ ਪਟਿਆਲਾ ਯੂਨੀਵਰਸਿਟੀ ਦੇ ਸੇਵਾ ਮੁਕਤ ਵਿਦਵਾਨ ਡਾ. ਦਰਸ਼ਨ ਸਿੰਘ ਖਾਲਸਾ ਨੂੰ ਵਿਸ਼ੇਸ਼ ਸਨਮਾਨ ਸਹਿਤ ਭੇਟ ਕੀਤੀ ਗਈ। ਦੱਸ ਦਈਏ ਕਿ ਡਾਕਟਰ ਦਰਸ਼ਨ ਸਿੰਘ ਖਾਲਸਾ ਪਿੰਡ ਧਰਮਪੁਰਾ ਜਿਲਾ ਸਿਰਸਾ ਹਰਿਆਣੇ ਦੇ ਜੰਮਪਲ ਹਨ। ਇਸ ਮੌਕੇ ਦਾ ਮਾਹੌਲ ਬਹੁਤ ਹੀ ਸਨਮਾਨਪੂਰਕ ਅਤੇ ਆਧਿਆਤਮਿਕ ਰੰਗ ਵਿੱਚ ਰੰਗਿਆ ਹੋਇਆ ਸੀ ਜਾਣਕਾਰੀ ਦਿੰਦਿਆਂ ਡਾ. ਬਲਦੇਵ ਸਿੰਘ ਚੀਮਾ ਨੇ ਦੱਸਿਆ ਕਿ ਉਨ੍ਹਾਂ ਦੀ ਇਹ ਕਿਤਾਬ ਪ੍ਰਾਚੀਨ ਗੁਰੂਆਂ ਅਤੇ ਪੀਰਾਂ ਦੀ ਬਾਣੀ, ਉਪਦੇਸ਼ਾਂ ਅਤੇ ਜੀਵਨ ਸਿੱਖਿਆਵਾਂ 'ਤੇ ਆਧਾਰਿਤ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਜਿੱਥੇ ਮਨੁੱਖ ਭੌਤਿਕਵਾਦ ਵੱਲ ਵੱਧ ਰਿਹਾ ਹੈ, ਉਥੇ ਇਸ ਤਰ੍ਹਾਂ ਦੀਆਂ ਧਾਰਮਿਕ ਕਿਤਾਬਾਂ ਮਨੁੱਖ ਨੂੰ ਸੱਚੇ ਰਸਤੇ 'ਤੇ ਚੱਲਣ ਦੀ ਪ੍ਰੇਰਣਾ ਦਿੰਦੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਰਹੀ ਹੈ ਕਿ ਨੌਜਵਾਨ ਪੀੜ੍ਹੀ ਨੂੰ ਆਪਣੇ ਧਾਰਮਿਕ ਵਿਰਸੇ ਨਾਲ ਜੋੜਿਆ ਜਾਵੇ। ਇਸ ਦੌਰਾਨ ਡਾ. ਦਰਸ਼ਨ ਸਿੰਘ ਖਾਲਸਾ ਨੇ ਡਾ. ਚੀਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕਿਤਾਬ ਸਮਾਜ ਲਈ ਬਹੁਤ ਹੀ ਕੀਮਤੀ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਰਚਨਾਵਾਂ ਨਾਲ ਲੋਕਾਂ ਵਿੱਚ ਆਧਿਆਤਮਿਕਤਾ ਦਾ ਵਾਧਾ ਹੁੰਦਾ ਹੈ ਅਤੇ ਨਵੀਂ ਪੀੜ੍ਹੀ ਨੂੰ ਆਪਣੇ ਮੂਲਾਂ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਡਾ. ਚੀਮਾ ਦੀ ਲਿਖਤ ਅਤੇ ਉਨ੍ਹਾਂ ਦੇ ਉਪਰਾਲਿਆਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਛੋਟੇ ਜਿਹੇ ਪਿੰਡ ਵਿੱਚੋਂ ਉੱਠ ਕੇ ਆਪਣੀ ਦੀ ਮਿਹਨਤ ਤੇ ਲਗਨ ਨਾਲ ਪੀ.ਐਚ.ਡੀ ਦੀ ਡਿਗਰੀ ਪ੍ਰਾਪਤ ਕੀਤੀ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ ਤੇ ਹਮੇਸ਼ਾਂ ਹੀ ਸਮਾਜਕ ਤੇ ਧਾਰਮਿਕ ਖੇਤਰ ਵਿੱਚ ਸਰਗਰਮ ਰਹੇ ਹਨ। ਇਸ ਮੌਕੇ ਦੋਵਾਂ ਵਿਦਵਾਨਾਂ ਵੱਲੋਂ ਧਾਰਮਿਕ ਸਾਹਿਤ ਦੀ ਮਹੱਤਤਾ ਅਤੇ ਸਮਾਜ ਵਿੱਚ ਇਸ ਦੀ ਭੂਮਿਕਾ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ। ਉਨ੍ਹਾਂ ਜ਼ੋਰ ਦਿੱਤਾ ਕਿ ਅਜਿਹੀਆਂ ਕਿਤਾਬਾਂ ਸਮਾਜ ਵਿੱਚ ਨੈਤਿਕਤਾ, ਸਚਾਈ ਅਤੇ ਇਨਸਾਨੀਅਤ ਦੇ ਮੁੱਲਾਂ ਨੂੰ ਮਜ਼ਬੂਤ ਕਰਦੀਆਂ ਹਨ। ਅੰਤ ਵਿੱਚ ਮੌਜੂਦ ਹੋਰ ਸਨਮਾਨਿਤ ਵਿਅਕਤੀਆਂ ਵੱਲੋਂ ਵੀ ਇਸ ਉਪਰਾਲੇ ਦੀ ਖੂਬ ਸਰਾਹਨਾ ਕੀਤੀ ਗਈ ਅਤੇ ਕਿਹਾ ਗਿਆ ਕਿ ਇਸ ਤਰ੍ਹਾਂ ਦੇ ਸੱਭਿਆਚਾਰਕ ਤੇ ਧਾਰਮਿਕ ਕਾਰਜਕ੍ਰਮ ਸਮਾਜ ਲਈ ਪ੍ਰੇਰਣਾਦਾਇਕ ਸਾਬਤ ਹੁੰਦੇ ਹਨ। ਇਸ ਮੌਕੇ ਪ੍ਰੋਫੈਸਰ ਅਜੀਤ ਸਿੰਘ ਚਾਹਲ ਧਰਮਪੁਰਾ, ਕਾਕਾ ਸਿੰਘ ਕੁਲਾਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਬੀਐਮਬੀ ਨੇ ਬਿਆਸ ਦਰਿਆ ਕੰਢੇ ਅਗੇਤਾ ਚਿਤਾਵਨੀ ਸਿਸਟਮ ਸਥਾਪਿਤ ਕੀਤਾ, ਚੇਅਰਮੈਨ ਮਨੋਜ ਤ੍ਰਿਪਾਠੀ ਵੱਲੋਂ ਵਰਚੁਅਲ ਉਦਘਾਟਨ

## ਲੋਕਾਂ ਨੂੰ ਡੈਮ 'ਚੋਂ ਪਾਣੀ ਛੱਡਣ ਦੀ ਤੁਰੰਤ ਜਾਣਕਾਰੀ ਮਿਲੇਗੀ: ਚੀਫ਼ ਇੰਜ ਰਾਕੇਸ਼ ਗੁਪਤਾ

**ਤਲਵਾੜਾ, ਹੁਸ਼ਿਆਰਪੁਰ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਿਸੇ ਵੀ ਹੰਗਾਮੀ ਸਥਿਤੀ 'ਚ ਡੈਮ ਤੋਂ ਬਿਆਸ ਦਰਿਆ ਵਿਚ ਵਾਧੂ ਪਾਣੀ ਛੱਡਣ ਦੀ ਜਾਣਕਾਰੀ ਲੋਕਾਂ ਨੂੰ ਤੁਰੰਤ ਮਿਲੇਗੀ। ਇਸ ਦੇ ਲਈ ਭਾਖੜਾ ਬਿਆਸ ਪ੍ਰਬੰਧਕ ਬੋਰਡ ਨੇ ਬਿਆਸ ਦਰਿਆ ਕਿਨਾਰੇ 'ਤੇ ਅਗੇਤੀਤ ਚਿਤਾਵਨੀ ਪ੍ਰਣਾਲੀ ਸਥਾਪਿਤ ਕੀਤੀ ਹੈ। ਜਿਸਦਾ ਵਿਧੀਵਧ ਵਰਚੁਅਲ ਉਦਘਾਟਨ ਬੋਰਡ ਦੇ ਚੇਅਰਮੈਨ ਇੰਜ ਮਨੋਜ ਤ੍ਰਿਪਾਠੀ ਵੱਲੋਂ ਕੀਤਾ ਗਿਆ। ਇਸ ਤਹਿਤ 6 ਅਗੇਤੀ ਚਿਤਾਵਨੀ ਸਿਸਟਮ ਲਗਾਏ ਹਨ। ਬਿਆਸ ਡੈਮ ਦੇ ਚੀਫ਼ ਇੰਜ ਰਾਕੇਸ਼ ਗੁਪਤਾ ਨੇ ਦਸਿਆ ਕਿ ਪਹਿਲਾਂ ਹੰਗਾਮੀ ਸਥਿਤੀ 'ਚ ਪੌਂਗ ਡੈਮ ਤੋਂ ਵਾਧੂ ਪਾਣੀ ਛੱਡੇ ਜਾਣ ਦੀ ਸੂਰਤ 'ਚ ਬੋਰਡ ਦੀਆਂ ਟੀਮਾਂ ਅਤੇ ਸਥਾਨਕ ਪ੍ਰਸ਼ਾਸਨ ਵੱਲੋਂ ਪਿੰਡ ਪਿੰਡ ਜਾ ਕੇ ਲਾਊਡ ਸਪੀਕਰਾਂ ਰਾਹੀਂ ਲੋਕਾਂ ਸੁਚੇਤ ਕੀਤਾ ਜਾਂਦਾ ਸੀ। ਇਨ੍ਹਾਂ 6 ਪਬਲਿਕ ਐਡਰੇਸ ਸਿਸਟਮ ਦੇ ਸਥਾਪਿਤ ਹੋਣ ਨਾਲ ਲੋਕਾਂ ਤੱਕ ਸੂਚਨਾ ਪਹੁੰਚਾਉਣੀ ਅਸਾਨ ਹੋ ਗਈ ਹੈ। ਚੀਫ਼ ਇੰਜ ਰਾਕੇਸ਼ ਗੁਪਤਾ ਨੇ ਦਸਿਆ ਕਿ ਸ਼ਾਹ ਨਹਿਰ ਬੈਰਾਜ (52 ਗੇਟ) ਤੋਂ ਮਿਰਥਲ ਤੱਕ ਕਰੀਬ 50 ਕਿਲੋਮੀਟਰ ਦੀ ਦੂਰੀ ਦਰਮਿਆਨ ਇਹ ਸਿਸਟਮ ਸਥਾਪਿਤ ਕੀਤੇ ਗਏ ਹਨ। ਇਹ ਚਿਤਾਵਨੀ ਸਿਸਟਮ ਆਬਾਦੀ ਦੇ ਨੇੜੇ ਲਗਾਏ ਗਏ ਹਨ। ਚੀਫ਼ ਇੰਜ ਰਾਕੇਸ਼ ਗੁਪਤਾ ਨੇ ਆਪਣੀ ਟੀਮ ਨਾਲ ਇਨ੍ਹਾਂ ਚਿਤਾਵਨੀ ਸਿਸਟਮ ਦਾ ਸਾਈਟ 'ਤੇ ਜਾ ਕੇ ਨਿਰੀਖਣ ਕੀਤਾ। ਹੋਰਨਾਂ ਤੋਂ ਇਲਾਵਾ ਇਸ ਮੌਕੇ ਨਿਗਰਾਨ ਇੰਜ ਮਨਵੀਨ ਚੌਧਰੀ, ਕਾਰਜਕਾਰੀ ਇੰਜ ਵਿਨੈ ਕੁਮਾਰ, ਐਸਡੀਓ ਪਰਮਿੰਦਰ ਸਿੰਘ ਆਦਿ ਹਾਜ਼ਰ ਸਨ।

### ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ

# ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਹੋਏ ਗੁਰਮਤਿ ਸਮਾਗਮ



**ਨਵੀਂ ਦਿੱਲੀ, 7 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਗੁਰਮਤਿ ਸਮਾਗਮ ਕੀਤੇ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਸਮਾਗਮ ਦੌਰਾਨ ਵੱਖ-ਵੱਖ ਰਾਗੀ ਜਥਿਆਂ ਨੇ ਵੀ ਗੁਰਬਾਣੀ ਕੀਰਤਨ ਕੀਤਾ।

**ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਸਜਾਏ ਅਲੌਕਿਕ ਜਲੌਅ**

ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ। ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ 'ਤੇ ਦੀਪਮਾਲਾ ਵੀ ਕੀਤੀ ਗਈ।

ਇਸ ਮੌਕੇ ਬਾਬਾ ਸਤਨਾਮ ਸਿੰਘ ਕਾਰਸੇਵਾ ਕਿਲ੍ਹਾ ਅਨੰਦਗੜ੍ਹ ਵਾਲੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਭਾਈ ਪ੍ਰੇਮ ਸਿੰਘ, ਗ੍ਰੰਥੀ ਭਾਈ ਗੁਰਸੇਵਕ ਸਿੰਘ ਤੇ ਭਾਈ ਰਣਜੀਤ ਸਿੰਘ ਆਦਿ ਹਾਜ਼ਰ ਸਨ।

### ਮਾਮਲਾ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਹੋਏ ਖੂਨ ਖਰਾਬੇ ਦਾ

# ਦੋਸ਼ੀ ਬਖਸ਼ੇ ਨਹੀਂ ਜਾਣਗੇ : ਵਿਧਾਇਕ ਦਲਬੀਰ ਸਿੰਘ ਟੌਂਗ



**ਬਾਬਾ ਬਕਾਲਾ ਸਾਹਿਬ, 7 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ ਦਿਨੀਂ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਇਕ ਧਿਰ ਵੱਲੋਂ ਦੂਸਰੀ ਧਿਰ ਦੇ ਆ ਕੇ ਤੇਜ ਹਥਿਆਰਾਂ ਨਾਲ ਉਨ੍ਹਾਂ ਜ਼ਖਮੀਆਂ ਨੂੰ ਬੁਰੀ ਤਰ੍ਹਾਂ ਵੱਢ-ਟੁੱਕ ਕਰਨ ਦੇ ਮਾਮਲੇ ਤਹਿਤ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਜ਼ਖਮੀਂ ਪੀੜਤ ਪਰਿਵਾਰ ਦੇ ਘਰ ਪੁੱਜਕੇ ਜਿੱਥੇ ਹਮਦਰਦੀ ਪ੍ਰਗਟ ਕੀਤੀ, ਉਥੇ ਇਸ ਘਟਨਾ ਨੂੰ ਗੁੰਡਾਗਰਦੀ ਦਾ ਨੰਗਾ ਨਾਚ ਦੱਸਿਆ । ਉਨ੍ਹਾਂ ਕਿਹਾ ਕਿ ਹਲਕੇ ਵਿੱਚ ਗੁੰਡਾਗਰਦੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਕੇ ਬਣਦੀ ਸਜਾ ਦਿੱਤੀ ਜਾਵੇਗੀ । ਵਿਧਾਇਕ ਟੌਂਗ ਨੇ ਅੱਗੇ ਕਿਹਾ ਕਿ ਇਹ ਦੋਸ਼ ਬਿਲਕੁਲ ਬੇਬੁਨਿਆਦ ਹਨ ਕਿ ਦੋਸ਼ੀ ਸਰਪੰਚ ਕੁਲਦੀਪ ਸਿੰਘ ਆਪ ਪਾਰਟੀ ਨਾਲ ਸਬੰਧਿਤ ਹੈ, ਸਾਡਾ ਉਸ ਨਾਲ ਕੋਈ ਸਬੰਧ ਨਹੀਂ ਹੈ । ਇਸ ਮੌਕੇ ਉਨ੍ਹਾਂ ਦੇ ਨਾਲ ਲਖਵਿੰਦਰ ਸਿੰਘ ਚੱਕੀ ਵਾਲੇ, ਸੁਖਵੰਤ ਸਿੰਘ ਸਾਬਕਾ ਮੈਂਬਰ, ਨਿਸ਼ਾਨ ਸਿੰਘ, ਗੁਰਦੇਵ ਸਿੰਘ ਫੌਜੀ, ਬਲਜਿੰਦਰ ਸਿੰਘ, ਅਮਰੀਕ ਸਿੰਘ ਜੱਟ, ਪ੍ਰਗਟ ਸਿੰਘ, ਕੁਲਦੀਪ ਸਿੰਘ ਮਥਰੇਵਾਲ, ਮਨਜੀਤ ਸਿੰਘ ਬਲਾਕ ਪ੍ਰਧਾਨ, ਕਰਮਜੀਤ ਸਿੰਘ ਸਪਰੰਚ ਫੇਰੂਮਾਨ, ਦਲਜੀਤ ਸਿੰਘ ਮੈਂਬਰ, ਬਲਜਿੰਦਰ ਸਿੰਘ, ਹਰਪਾਲ ਸਿੰਘ ਲਖਬੀਰ ਸਿੰਘ ਵਾਟਰ ਸਪਲਾਈ, ਸੁੱਖ ਬਾਬਾ ਬਕਾਲਾ , ਸਰਵਣ ਸਿੰਘ, ਜੋਗਿੰਦਰ ਸਿੰਘ ਸਾਬਕਾ ਮੈਂਬਰ, ਆਦਿ ਹਾਜ਼ਰ ਸਨ ।

# ਬੱਚਿਆਂ ਨੂੰ ਗੁਰਬਾਣੀ ਤੇ ਬਾਣੇ ਨਾਲ ਜੋੜਨ ਦੀ ਸੇਵਾ ਨਿਰੰਤਰ ਜਾਰੀ- ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ

**ਚੌਕ ਮਹਿਤਾ, 7 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੈਸ਼ਨਲ ਹਾਈਵੇ ਤੋਂ ਚਾਰ ਕਿਲੋਮੀਟਰ ਦੀ ਦੂਰੀ ਤੇ ਸਥਿਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜਬੋਵਾਲ, ਵੱਲੋਂ ਬੜੇ ਹੀ ਨੇਕ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ। ਇਸ ਅਕੈਡਮੀ ਵੱਲੋਂ ਲੋੜਵੰਦ ਬੱਚਿਆਂ ਅਤੇ ਲੋੜਵੰਦ ਪਰਿਵਾਰਾਂ ਦੀ ਸਮੇਂ ਸਮੇਂ ਸਿਰ ਬਾਂਹ ਫੜੀ ਜਾ ਰਹੀ ਹੈ।, ਅਤੇ ਜਿੰਨਾ ਪਰਿਵਾਰਾਂ ਦਾ ਕੋਈ ਕਮਾਈ ਦਾ ਸਾਧਨ ਨਹੀਂ ਹੈ। ਉਹਨਾਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੀ ਫਰੀ ਮੁਹੱਈਆ ਕਰਵਾਇਆ ਜਾਂਦਾ ਹੈ।, ਇਹਨਾਂ ਗੱਲਾਂ ਦਾ ਪ੍ਰਗਟਾਵਾ ਸੰਤ ਬਾਬਾ ਮਲਕੀਤ ਸਿੰਘ ਜੀ ਮੁੱਖ ਸੇਵਾਦਾਰ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ, ਦੇ ਮੁੱਖ ਸੇਵਾਦਾਰ ਸੰਤ ਬਾਬਾ ਮਲਕੀਤ ਸਿੰਘ ਜੀ ਨੇ ਪਹਿਰੇਦਾਰ ਦੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ, ਇਸ ਅਕੈਡਮੀ ਵਿੱਚ ਜਿੰਨੇ ਵੀ ਸੇਵਾਦਾਰ ਹਨ ਬੜੀ ਚੜ੍ਹਦੀ ਕਲਾ ਵਾਲੇ ਹਨ। ਅਤੇ ਆਪਣੇ ਪੂਰੇ ਫਰਜ ਅਤੇ ਤਨ ਮਨ ਧਨ ਨਾਲ ਆਪਣੀ ਸੇਵਾ ਨਿਭਾ ਰਹੇ ਹਨ। ਇਸ ਮੌਕੇ ਤੇ ਉਹਨਾਂ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਹ 2013 ਤੋਂ ਰਾਸ਼ਨ ਦੀ ਪਹਿਲ ਕਦਮੀ ਦੀ ਸੇਵਾ ਆਰੰਭ ਕੀਤੀ ਗਈ ਸੀ ਅਤੇ 2014 ਵਿੱਚ ਪਹਿਲਾਂ ਲੋੜਵੰਦ ਪੰਜ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ ਸੀ ਜਿਨਾਂ ਦਾ ਕੋਈ ਆਸਰਾ ਵੀ ਨਹੀਂ ਸੀ ਅਤੇ ਕਮਾਈ ਦਾ ਸਾਧਨ ਵੀ ਨਹੀਂ ਸੀ, ਤੇ ਸਰਕਾਰ ਵੱਲੋਂ ਉਨਾਂ ਦੇ ਰਾਸ਼ਨ ਕਾਰਡ ਵੀ ਕੱਟੇ ਹੋਏ ਸਨ। ਅੱਗੇ ਉਹਨਾਂ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ 2014 ਤੋਂ ਲੈ ਕੇ ਹੁਣ ਤੱਕ ਗੁਰੂ ਮਹਾਰਾਜ ਦੇ ਓਟ ਆਸਰੇ ਸਦਕਾ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ 125 ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਦੀ 10 ਤਰੀਕ ਨੂੰ ਫਰੀ ਰਾਸ਼ਨ ਮੁਹਈਆ ਕਰਵਾਇਆ ਜਾਂਦਾ ਹੈ। ਅਤੇ ਇਸ ਅਕੈਡਮੀ ਵਿੱਚ ਬੱਚਿਆਂ ਦੀ ਪੜ੍ਹਾਈ ਵਾਸਤੇ ਸਕੂਲ ਵੀ ਖੋਲਿਆ ਗਿਆ ਹੈ। ਤੇ ਬੱਚਿਆਂ ਨੂੰ ਫਰੀ ਪੜ੍ਹਾਈ ਕਰਵਾਈ ਜਾਂਦੀ ਹੈ। ਤੇ ਨਾਲ ਦੀ ਨਾਲ ਹੀ ਬੱਚਿਆਂ ਨੂੰ ਖੇਡਾਂ ਤੋਂ ਪ੍ਰੇਰਿਤ ਕੀਤਾ ਜਾਂਦਾ ਹੈ ਅਤੇ ਖੇਡਾਂ ਨਾਲ ਜੋੜਿਆ ਜਾਂਦਾ ਹੈ।, ਇਸ ਅਕੈਡਮੀ ਵਿੱਚ ਖਾਸ ਗੱਲ ਹੈ ਕਿ ਇਸ ਅਕੈਡਮੀ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵੀ ਸੁਸ਼ੋਭਿਤ ਹਨ, ਅਤੇ ਜਿੱਥੇ ਬੱਚਿਆਂ ਨੂੰ ਦੁਨਿਆਵੀ ਵਿੱਦਿਆ ਦੇ ਨਾਲ ਨਾਲ ਗੁਰਮਤਿ ਦੀ ਸਥਿਆ ਵੀ ਦਿੱਤੀ ਜਾਂਦੀ ਹੈ।, ਇਸ ਅਕੈਡਮੀ ਵਿੱਚ ਬੱਚਿਆਂ ਨੂੰ ਹਾਰਮੋਨੀਆਮ ਤਪਲਾ ਤੇ ਤੰਤੀ ਸਾਜਾਂ ਦੇ ਨਾਲ ਕੀਰਤਨ ਵੀ ਸਿਖਾਇਆ ਜਾਂਦਾ ਹੈ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਥਿਆ ਵੀ ਕਰਾਈ ਜਾਂਦੀ ਹੈ, ਪੱਤਰਕਾਰਾਂ ਵੱਲੋਂ ਅਕੈਡਮੀ ਦਾ ਦੋਰਾ ਕੀਤਾ ਗਿਆ ਤਾਂ ਬੜੀ ਹੀ ਖੁਸ਼ੀ ਅਤੇ ਮਾਣ ਵਾਲੀ ਗੱਲ ਵੇਖਣ ਨੂੰ ਮਿਲੀ ਕਿ ਇਸ ਅਕੈਡਮੀ ਵਿੱਚ ਜਿੰਨੇ ਵੀ ਬੱਚੇ ਹਨ ਪੂਰੇ ਬਾਣੀ ਬਾਣੇ ਦੇ ਧਾਰਨੀ ਹਨ। ਅਤੇ ਅਕੈਡਮੀ ਵਿੱਚ ਕਿਸੇ ਵੀ ਮਹਿਮਾਨ ਦੇ ਆਉਣ ਤੇ ਗੁਰੂ ਮਹਾਰਾਜ ਵੱਲੋਂ ਫਤਹਿ ਦੀ ਬਖਸ਼ੀ ਦਾਤ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫ਼ਤਹਿ ਦੀ ਸਾਂਝ ਪਾਉਂਦੇ ਹਨ ਅਤੇ ਇਸ ਅਕੈਡਮੀ ਵਿੱਚ ਬੱਚਿਆਂ ਦੇ ਖੇਡਣ ਵਾਸਤੇ ਬਹੁਤ ਹੀ ਵੱਡੀ ਗਰਾਉਂਡ ਵੀ ਇਹ ਹੈ ਜਿਸ ਵਿੱਚ ਬੱਚਿਆਂ ਨੂੰ ਵਾਲੀਬਾਲ, ਫੁਟਬਾਲ, ਕਬੱਡੀ,ਬੌਕਸਿੰਗ, ਤੋਂ ਇਲਾਵਾ ਬੱਚਿਆਂ ਨੂੰ ਪੁਰਾਤਨ ਖੇਡਾਂ ਨਾਲ ਜੋੜਿਆ ਜਾਂਦਾ ਹੈ।, ਇਸ ਮੌਕੇ ਤੇ ਬਾਬਾ ਮਲਕੀਤ ਸਿੰਘ ਜੀ ਨੇ ਸੰਗਤਾਂ ਨੂੰ ਅਤੇ ਐਨ ਆਰ ਆਈ ਵੀਰਾਂ ਨੂੰ ਅਪੀਲ ਕੀਤੀ ਕਿ ਇਸ ਅਕੈਡਮੀ ਵੱਲੋਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਯੂਅਰ ਸੇਵਾ ਚੈਰਾਇਟੀ ਨਾ ਦੀ ਸੰਸਥਾ ਵੀ ਚਲਾਈ ਜਾਂਦੀ ਹੈ ਅਤੇ ਇਹ ਸੰਸਥਾ ਐਨਆਰਆਈ ਵੀਰਾ ਦੇ ਸਹਿਯੋਗ ਨਾਲ ਲੋੜਵੰਦਾਂ ਦੀ ਮਦਦ ਕਰਨ ਵਿੱਚ, ਵਰਦਾਨ ਸਾਬਿਤ ਹੋ ਰਹੀ, ਇਸ ਮੌਕੇ ਤੇ ਬਾਬਾ ਜੀ ਨੇ ਅਪੀਲ ਕੀਤੀ ਕਿ ਵੱਧ ਤੋਂ ਵੱਧ ਸੰਗਤ ਇਸ ਅਕੈਡਮੀ ਅਤੇ ਸੰਸਥਾ ਨਾਲ ਜੋੜਨ ਤਾਂ ਜੋ ਗੁਰਸਿੱਖ ਬੱਚਿਆਂ ਦੀ ਮਦਦ ਕੀਤੀ ਜਾ ਸਕੇ ਅਤੇ ਉਹ ਆਪਣੇ ਪੈਰਾਂ ਤੇ ਖੜੇ ਹੋ ਕੇ ਆਪਣਾ ਭਵਿੱਖ ਬਣਾ ਸਕਣ, ਇਸ ਮੌਕੇ ਤੇ, ਮੁੱਖ ਸੇਵਾਦਾਰ ਸੰਤ ਬਾਬਾ ਮਲਕੀਤ ਸਿੰਘ ਜੀ, ਭਾਈ ਸੁਖਚੈਨ ਸਿੰਘ, ਗਿਆਨੀ ਤੇਜਬੀਰ ਸਿੰਘ ਭਲਾਈਪੁਰ (ਕਨੇਡਾ) ਪ੍ਰਿੰਸੀਪਲ ਸੁਰਿੰਦਰਜੀਤਸਿੰਘ ਜਸਪਾਲ ਸਿੰਘ ਟੋਮਾ ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ ਗੁਰਪਿੰਦਰ ਸਿੰਘ ਆਦਿ ਸੇਵਾ ਦਰ ਹਾਜ਼ਰ ਸਨ।।




# ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਪੰਥਕ ਪ੍ਰੰਪਰਾਵਾਂ, ਧਾਰਮਿਕ ਮਰਿਆਦਾ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਇਤਿਹਾਸ ਤੋਂ ਉੱਕਾ ਹੀ ਅਣਜਾਣ : ਸ: ਗੁਰਪ੍ਰਤਾਪ ਸਿੰਘ ਵਡਾਲਾ

**ਜਲੰਧਰ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੁਖਬੀਰ ਸਿੰਘ ਬਾਦਲ ਜੋ ਇਹ ਕਹਿ ਰਿਹਾ ਹੈ ਕਿ ਦੋ ਦਸੰਬਰ 2024 ਨੂੰ ਸ਼੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਆਦੇਸ਼ ਹੋਏ ਹਨ, ਉਹ ਇੱਕ ਸਾਜਿਸ਼ ਸੀ ਅਤੇ ਮੈਨੂੰ ਮਰਵਾਉਣ ਦੀ ਕੋਸ਼ਿਸ਼ ਸੀ। ਉਸ ਦੇ ਇਸ ਬਿਆਨ ਤੋਂ ਪਤਾ ਲੱਗਦਾ ਹੈ ਕਿ ਇੱਕ ਅਖੌਤੀ ਪੰਥਕ ਪਾਰਟੀ ਦਾ ਪ੍ਰਧਾਨ ਹੋਣ ਦੇ ਬਾਵਜੂਦ ਉਹ ਸ਼੍ਰੀ ਅਕਾਲ ਤਖਤ ਸਾਹਿਬ ਦੇ ਇਤਿਹਾਸ, ਪਰੰਪਰਾਵਾਂ ਅਤੇ ਮਰਿਆਦਾ ਤੋਂ ਪੂਰੀ ਤਰ੍ਹਾਂ ਅਣਜਾਣ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇੱਕ ਲਿਖਤੀ ਪ੍ਰੈਸ ਬਿਆਨ ਵਿੱਚ ਕੀਤਾ। ਉਹਨਾਂ ਕਿਹਾ ਦੋ ਦਸੰਬਰ ਨੂੰ ਅਕਾਲੀ ਸਰਕਾਰਾਂ ਉੱਤੇ ਲੱਗੇ ਸਾਰੇ ਇਲਜ਼ਾਮ ਗੁਰੂ ਦੀ ਬਖਸ਼ਿਸ਼ ਨਾਲ ਧੋਤੇ ਗਏ ਸਨ ਜੇ ਸੁਖਬੀਰ ਸਾਰਾ ਕੁਝ ਸਿਰ ਝੁਕਾ ਕੇ ਮੰਨ ਲੈਂਦਾ, ਪਰ ਉਹ ਮੁਕਤਸਰ ਦੀ ਧਰਤੀ ਤੇ ਜਾ ਕੇ ਸਾਰੇ ਕੁਝ ਤੋਂ ਮੁੱਕਰ ਗਿਆ। ਇਸ ਤਰ੍ਹਾਂ ਟੁੱਟੀ ਗੰਢਣ ਵਾਲੇ ਗੁਰੂ ਦੀ ਧਰਤੀ ਤੋਂ ਉਹ ਫਿਰ ਗੁਰੂ ਨੂੰ ਬੇਦਾਵਾ ਦੇ ਬੈਠਾ। ਜੇ ਉਹ ਸੱਚੇ ਮਨ ਨਾਲ ਸੇਵਾ ਕਰਦਾ ਤਾਂ ਸਾਰੇ ਗੁਨਾਹ ਬਖਸ਼ੇ ਗਏ ਸਨ ਅਤੇ ਗੁਰੂ ਵੱਲੋਂ ਬਖਸ਼ੇ ਹੋਏ ਨੂੰ ਲੋਕਾਂ ਨੇ ਵੀ ਪ੍ਰਵਾਨ ਕਰ ਲੈਣਾ ਸੀ। ਸ ਵਡਾਲਾ ਨੇ ਕਿਹਾ, ਸੁਖਬੀਰ ਨੂੰ ਆਪਣੇ ਅੰਦਰ ਝਾਤੀ ਮਾਰਨ ਦੀ ਲੋੜ ਹੈ ਕਿ ਜੇ ਉਸਨੇ ਆਪਣੇ ਉੱਤੇ ਲੱਗੇ ਸਾਰੇ ਇਲਜ਼ਾਮ ਕਬੂਲ ਕਰ ਲਏ ਸਨ ਤਾਂ ਗੁਰੂ ਰਾਮਦਾਸ ਪਾਤਸ਼ਾਹ ਨੇ ਉਸਦੀ ਹੱਥ ਦੇ ਕੇ ਰੱਖਿਆ ਕੀਤੀ ਤੇ ਚੱਲੀ ਗੋਲੀ ਉਸਨੂੰ ਛੂਹ ਵੀ ਨਹੀਂ ਸੀ ਸਕੀ। ਪਰ ਉਸਦੇ ਚੇਲਿਆਂ ਨੇ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਦੀ ਬਜਾਏ ਇਹ ਇਲਜ਼ਾਮ ਲਾਉਣੇ ਸ਼ੁਰੂ ਕਰ ਦਿੱਤੇ ਕਿ ਦਰਬਾਰ ਸਾਹਿਬ ਤੇ ਗੋਲੀ ਚੱਲੀ ਹੈ। ਜੇ ਉਹ ਨਿਮਰਤਾ ਵਿੱਚ ਆ ਕੇ ਕਹਿ ਦਿੰਦਾ ਕਿ ਮੈਂ ਗੁਰੂ ਤੋਂ ਆਪਣੀ ਭੁੱਲ ਬਖਸ਼ਾ ਲਈ ਹੈ ਹੁਣ ਮੈਨੂੰ ਸੰਗਤ ਵੀ ਮਾਫ ਕਰ ਦੇਵੇ। ਇੰਨੇ ਨਾਲ ਹੀ ਉਸਦੇ ਹੱਕ ਵਿੱਚ ਹਮਦਰਦੀ ਦੀ ਲਹਿਰ ਚੱਲ ਪੈਣੀ ਸੀ। ਪਰ ਉਹ ਹੰਕਾਰ ਦੇ ਘੋੜੇ ਤੇ ਸਵਾਰ ਹੋ ਗਿਆ ਅਤੇ ਧਾਰਮਿਕ ਸਜ਼ਾ ਭੁਗਤਣ ਲਈ ਸੈਂਕੜੇ ਗੱਡੀਆਂ ਦੇ ਕਾਫਲੇ ਵਿੱਚ ਪਹੁੰਚਦਾ ਰਿਹਾ। ਸ ਵਡਾਲਾ ਨੇ ਕਿਹਾ ਕਿ ਗੁਰੂ ਹਰ ਗੱਲ ਯਾਦ ਰੱਖਦਾ ਹੈ। ਇਸੇ ਹੰਕਾਰ ਦੇ ਘੋੜੇ ਤੇ ਸਵਾਰ ਹੋ ਕੇ ਜਦੋਂ ਉਹ ਸ੍ਰੀ ਅਕਾਲ ਤਖਤ ਦੇ ਜਥੇਦਾਰ ਨੂੰ ਧਮਕਾਉਣ ਗਿਆ ਸੀ ਤਾਂ ਸਕਤਰੇਤ ਵਿੱਚ ਕੁਰਸੀ ਤੋਂ ਡਿੱਗ ਕੇ ਲੱਤ ਤੁੜਵਾ ਲਈ ਸੀ। ਉਹਨੂੰ ਇਹ ਪ੍ਰਤੱਖ ਕਰਾਮਾਤ ਦੀਆਂ ਗੱਲਾਂ ਭੁੱਲਣੀਆਂ ਨਹੀਂ ਚਾਹੀਦੀਆਂ। ਜਿਹੜੇ ਸਿੰਘ ਸਾਹਿਬਾਨ ਨੂੰ ਉਹ ਰੁਲਦੇ ਫਿਰਦੇ ਦੱਸ ਰਿਹਾ ਹੈ, ਉਨਾਂ ਨੂੰ ਤਾਂ ਹਰ ਜਗਾ ਸੰਗਤ ਮਾਣ ਸਤਿਕਾਰ ਅਤੇ ਸਰੋਪੇ ਭੇਂਟ ਕਰਦੀ ਹੈ, ਪਰ ਹੰਕਾਰੀ ਸੁਖਬੀਰ ਨੂੰ ਅੱਜ ਵੀ ਆਪਣੀਆਂ ਯੱਭਲੀਆਂ ਸੁਣਾਉਣ ਲਈ ਲੋਕਾਂ ਨੂੰ ਪੈਸੇ ਅਤੇ ਸ਼ਰਾਬ ਦੇ ਕੇ ਇਕੱਠਾ ਕਰਨਾ ਪੈਂਦਾ ਹੈ। ਇਹ ਰੱਬ ਦੀ ਮਾਰ ਹੈ। ਸ ਵਡਾਲਾ ਨੇ ਸੰਗਤਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ ਅਨੁਸਾਰ ਅਕਾਲੀ ਦਲ ਨਾਲ ਜੁੜਨ ਦੀ ਅਪੀਲ ਵੀ ਕੀਤੀ ਤਾਂ ਜੋ ਅਜਿਹੇ ਹੰਕਾਰਿਆ ਨੂੰ ਪੰਥਕ ਵਿਹੜੇ ਚੋਂ ਸਦਾ ਲਈ ਬਾਹਰ ਕੀਤਾ ਜਾ ਸਕੇ।



ਤਖ਼ਤ ਸ੍ਰੀ ਦਮਦਮਾ ਸਾਹਿਬ

# ਵਿਸਾਖੀ 'ਤੇ ਹੋਵੇਗੀ ਵੱਡੀ ਕਾਨਫਰੰਸ : ਹਰਪਾਲ ਸਿੰਘ ਬਲੈਅਰ



**ਫ਼ਿਰੋਜ਼ਪੁਰ, 07 ਅਪ੍ਰੈਲ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਮੀਟਿੰਗ ਗੁਰਚਰਨ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਫਿਰੋਜਪੁਰ ਦੇ ਗ੍ਰਿਹਿ ਵਿਖੇ ਹੋਈ, ਜਿਸ ਵਿਚ ਸ਼ਾਮਲ ਹੋਏ ਆਗੂਆਂ ਵੱਲੋਂ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਰਨਲ ਸਕੱਤਰ ਹਰਪਾਲ ਸਿੰਘ ਬਲੈਅਰ ਵਲੋਂ ਵਿਸਾਖੀ ਦੇ ਮੌਕੇ 14 ਅਪ੍ਰੈਲ ਨੂੰ ਤਖ਼ਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਸਿਆਸੀ ਕਾਨਫਰੰਸ ਕੀਤੇ ਜਾਣ ਬਾਰੇ ਫਿਰੋਜ਼ਪੁਰ ਦੀ ਲੀਡਰਸ਼ਿਪ ਨਾਲ ਕੀਤੀ ਗਈ ਅਤੇ ਨਵੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਗੱਲਬਾਤ ਕਰਦਿਆਂ ਬਲੈਅਰ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਥਿਤੀ ਬਹੁਤ ਖਰਾਬ ਹੋ ਚੁੱਕੀ ਹੈ ਅਤੇ ਹਲਾਤ ਦਿਨੋ—ਦਿਨ ਬਦਤਰ ਹੋ ਰਹੇ ਹਨ, ਬੰਦੀ ਸਿੰਘਾਂ ਦੀ ਰਿਹਾਈ, ਕਿਸਾਨਾਂ, ਜਿਮੀਦਾਰਾਂ ਦੀਆ ਸਮੱਸਿਆਵਾਂ, ਮਜਦੂਰਾਂ ਦੀ ਤਰਸਯੋਗ ਹਾਲਤ, ਬੇਰੋਜਗਾਰੀ, ਮੁਲਾਜ਼ਮ ਵਰਗ ਦੀਆਂ ਦੁੱਖ ਤਕਲੀਫਾਂ ਬਾਰੇ ਵਿਸਾਖੀ ਤੇ ਵਿਚਾਰ ਚਰਚਾ ਰਾਹੀਂ ਇਨ੍ਹਾਂ ਮਾਮਲਿਆ ਦੇ ਹੱਲ ਲਈ ਗੱਲ ਹੋਵੇਗੀ। ਮੀਟਿੰਗ ਦੌਰਾਨ ਆਪਣੇ ਵਿਚਾਰ ਸਾਂਝੇ ਕਰਦਿਆਂ ਜਨਰਲ ਸਕੱਤਰ ਗੁਰਜੰਟ ਸਿੰਘ ਕੱਟੂ ਅਤੇ ਮਾਸਟਰ ਕਰਨੈਲ ਸਿੰਘ ਨਾਰੀਕੇ ਨੇ ਸੰਬੋਧਨ ਕਰਦਿਆ ਕਿਹਾ ਕਿ ਸੈਂਟਰ ਹਕੂਮਤ ਅਤੇ ਪੰਜਾਬ ਸਰਕਾਰ ਦਾ ਪੰਜਾਬ ਦੀ ਬਿਹਤਰੀ ਲਈ ਕੋਈ ਧਿਆਨ ਨਹੀਂ ਹੈ ਲੰਮੇ ਸਮੇਂ ਤੋਂ ਬਰਕਰਾਰ ਸਿੱਖ ਕੌਮ ਦੇ ਬੁਨਿਆਦੀ ਮਸਲਿਆਂ ਦੇ ਹੱਲ ਤਾਂ ਕੀ ਕਰਨੇ ਸਨ ਸਗੋਂ ਪੰਜਾਬ ਅਤੇ ਸਿੱਖ ਕੌਮ ਨੂੰ ਹੋਰ ਮਾਲੀ ਤੇ ਕਮਜ਼ੋਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਝੂਠੇ ਲਾਰਿਆਂ ਅਤੇ ਵਾਦਿਆਂ ਵਿਚ ਟਾਇਮ ਲੰਗ੍ਹਾ ਰਹੀ ਹੈ, ਇਸ ਸਮੇ ਕਾਨਫਰੰਸ ਤੇ ਸੰਗਤ ਲਿਆਉਣ ਲਈ ਪਾਰਟੀ ਆਹੁਦੇਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਅਤੇ ਨਾਲ ਹੀ ਪਾਰਟੀ ਵਿਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ, ਜਿਸ ਵਿੱਚ ਗਿਆਨ ਸਿੰਘ ਮੰਡ ਅਤੇ ਲਖਵਿੰਦਰ ਸਿੰਘ ਸੁਪਰ ਵਲਟੋਹਾ ਨੂੰ ਪਾਰਟੀ ਦੇ ਅਗਜੈਕਟਿਵ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਜਸਵੰਤ ਸਿੰਘ ਮਮਦੋਟ ਨੂੰ ਸੋਸ਼ਲ ਮੀਡੀਆ ਜਿਲ੍ਹਾ ਫਿਰੋਜ਼ਪੁਰ ਦਾ ਇੰਨਚਾਰਜ ਨਿਯੁਕਤ ਕੀਤਾ ਗਿਆ, ਗਿਆਨੀ ਬਲਦੇਵ ਸਿੰਘ ਬੈਟਰੀਆਂ ਵਾਲੇ ਤਲਵੰਡੀ ਭਾਈ ਨੂੰ ਜਿਲ੍ਹਾ ਫਿਰੋਜ਼ਪੁਰ ਦੇ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਸਮੇਂ ਗੁਰਚਰਨ ਸਿੰਘ ਭੁੱਲਰ, ਤੇਜਿੰਦਰ ਸਿੰਘ ਦਿਉਲ, ਜਗਜੀਤ ਸਿੰਘ ਸ਼ੂਸ਼ਕ, ਗੁਰਵਿੰਦਰ ਸਿੰਘ ਮੁਹਾਲਮ, ਪਰਗਟ ਸਿੰਘ ਵਾਹਕੇ, ਸੁੱਚਾ ਸਿੰਘ ਬਸਤੀ ਭਾਨੇ ਵਾਲੀ, ਸੁੱਚਾ ਸਿੰਘ ਮੁਹਾਲਮ, ਹਜਾਰਾ ਸਿੰਘ, ਜੋਗਿੰਦਰ ਸਿੰਘ ਮੱਲੇਵਾਲਾ, ਦਵਿੰਦਰ ਸਿੰਘ ਚੂਰੀਆਂ, ਜਸਵੰਤ ਸਿੰਘ ਬੂੜੇ ਵਾਲਾ, ਅਰਵਿੰਦਰ ਸਿੰਘ ਬੱਲ, ਸੁਖਦੇਵ ਸਿੰਘ ਵੇਹੜੀ, ਮੋਹਨ ਸਿੰਘ ਨਿਆਜੀਆਂ, ਦਿਲਬਾਗ ਸਿੰਘ ਦਿਉਲ, ਦਰਸ਼ਨ ਸਿੰਘ ਦਿਉਲ, ਕਾਬਲ ਸਿੰਘ ਭੁੱਲਰ, ਨਿਸ਼ਾਨ ਸਿੰਘ ਬਲੇਅਰ ਅਤੇ ਜਸਬੀਰ ਸਿੰਘ ਬੱਚੜੇ ਤਰਨਤਾਰਨ ਆਦਿ ਨੇ ਵਿਸਾਖੀ ਕਾਨਫਰੰਸ ਤੇ ਵੱਧ ਤੋਂ ਵੱਧ ਸੰਗਤ ਲਿਜਾਣ ਦਾ ਪਾਰਟੀ ਨੂੰ ਵਿਸਵਾਸ਼ ਦਵਾਇਆ।

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਹਿਮਾਚਲ ਪ੍ਰਦੇਸ਼ 'ਚ

# ਬਾਬਾ ਭੂਤਨਾਥ ਦੇ ਦਰਸ਼ਨ ਕੀਤੇ ਅਤੇ ਖੇਤਰ ਦੀ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ

**ਅੰਮ੍ਰਿਤਸਰ, ਮੰਡੀ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਹਿਮਾਚਲ ਪ੍ਰਦੇਸ਼ ਦੇ ਮੰਡੀ ਪਹੁੰਚੇ, ਜਿੱਥੇ ਉਨ੍ਹਾਂ ਨੇ ਆਪਣੇ ਠਹਿਰਾਅ ਦੌਰਾਨ ਪ੍ਰਾਚੀਨ ਅਤੇ ਇਤਿਹਾਸਕ ਬਾਬਾ ਭੂਤਨਾਥ ਮੰਦਰ ਦਾ ਦੌਰਾ ਕੀਤਾ ਅਤੇ ਭਗਵਾਨ ਸ਼ਿਵ ਦੇ ਦਰਸ਼ਨ ਕੀਤੇ ਅਤੇ ਰਸਮਾਂ ਅਨੁਸਾਰ ਪੂਜਾ ਕੀਤੀ। ਚੁਘ ਨੇ ਬਾਬਾ ਭੂਤਨਾਥ ਦੇ ਚਰਨਾਂ ਵਿੱਚ ਰਾਜ ਦੀ ਖੁਸ਼ਹਾਲੀ, ਸ਼ਾਂਤੀ ਅਤੇ ਤੰਦਰੁਸਤੀ ਲਈ ਪ੍ਰਾਰਥਨਾ ਕੀਤੀ। ਉਨ੍ਹਾਂ ਨੇ ਦੇਵਭੂਮੀ ਹਿਮਾਚਲ ਸਮੇਤ



ਪੂਰੇ ਖੇਤਰ ਦੇ ਸਰਵਪੱਖੀ ਵਿਕਾਸ, ਸਮਾਜਿਕ ਸਦਭਾਵਨਾ ਅਤੇ ਜਨਤਕ ਭਲਾਈ ਲਈ ਅਸ਼ੀਰਵਾਦ ਮੰਗਿਆ। ਚੁਘ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਦੀ ਇਹ ਪਵਿੱਤਰ ਧਰਤੀ ਆਸਥਾ ਅਤੇ ਅਧਿਆਤਮਿਕ ਊਰਜਾ ਦਾ ਕੇਂਦਰ ਹੈ, ਜਿੱਥੇ ਵਿਅਕਤੀ ਇੱਕ ਵਿਸ਼ੇਸ਼ ਸ਼ਾਂਤੀ ਅਤੇ ਸਕਾਰਾਤਮਕਤਾ ਦਾ ਅਨੁਭਵ ਕਰਦਾ ਹੈ। ਉਨ੍ਹਾਂ ਨੇ ਭਗਵਾਨ ਸ਼ਿਵ ਨੂੰ ਰਾਜ ਦੇ ਲੋਕਾਂ ਦੇ ਜੀਵਨ ਵਿੱਚ ਖੁਸ਼ੀ, ਖੁਸ਼ਹਾਲੀ ਅਤੇ ਨਿਰੰਤਰ ਤਰੱਕੀ ਲਈ ਪ੍ਰਾਰਥਨਾ ਕੀਤੀ। ਚੁਘ ਨੇ ਅੱਗੇ ਕਿਹਾ ਕਿ ਅਜਿਹੇ ਪਵਿੱਤਰ ਸਥਾਨਾਂ ਦੀ ਯਾਤਰਾ ਨਾ ਸਿਰਫ਼ ਅਧਿਆਤਮਿਕ ਊਰਜਾ ਪ੍ਰਦਾਨ ਕਰਦੀ ਹੈ ਬਲਕਿ ਸਮਾਜ ਅਤੇ ਖੇਤਰ ਦੇ ਉੱਜਵਲ ਭਵਿੱਖ ਲਈ ਸਕਾਰਾਤਮਕ ਸੰਕਲਪ ਨੂੰ ਵੀ ਮਜ਼ਬੂਤ ਕਰਦੀ ਹੈ। ਉਨ੍ਹਾਂ ਨੇ ਭਗਵਾਨ ਸ਼ਿਵ ਨੂੰ ਸਾਰਿਆਂ 'ਤੇ ਆਪਣਾ ਅਸ਼ੀਰਵਾਦ ਵਰ੍ਹਾਉਣ ਅਤੇ ਪੂਰੇ ਖੇਤਰ ਨੂੰ ਵਿਕਾਸ, ਖੁਸ਼ਹਾਲੀ ਅਤੇ ਸ਼ਾਂਤੀ ਦੇ ਰਾਹ 'ਤੇ ਲੈ ਜਾਣ ਲਈ ਪ੍ਰਾਰਥਨਾ ਕੀਤੀ

ਮਾਮਲਾ ਛੋਟੀ ਮਾਸੂਮ ਚਾਰ ਸਾਲਾਂ ਦੀ ਬੱਚੀ ਦੀ ਅਮਰੂਦ ਤੋੜਨ 'ਤੇ ਬੰਨ ਕੇ ਕੁੱਟਮਾਰ ਕਰਨ ਦਾ

# ਅਕਾਲ ਸੇਵਾ ਫਾਊਂਡੇਸ਼ਨ ਤੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਪਹੁੰਚੇ ਹਿਮਾਚਲ ਪ੍ਰਦੇਸ਼ ਪੁਲਿਸ ਤੋਂ ਕੀਤੀ ਦੋਸ਼ੀ ਖਿਲਾਫ ਸਖ਼ਤ ਕਾਰਵਾਈ ਦੀ ਮੰਗ

**ਅੰਮ੍ਰਿਤਸਰ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਛੋਟੀ ਜਿਹੀ ਚਾਰ ਸਾਲਾਂ ਦੀ ਮਾਸੂਮ ਬੱਚੀ ਦੀ ਵੀਡੀਓ ਬੜੀ ਸੋਸ਼ਲ ਮੀਡੀਆ ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਇਹ ਛੋਟੀ ਜੀ ਬੱਚੀ ਦਾ ਕਸੂਰ ਹੈ ਕੀ ਇਸ ਨੇ ਇੱਕ ਅਮਰੂਦ ਤੋੜ ਲਿਆ ਜਿਸ ਨੂੰ ਬੰਨ ਕੇ ਇੱਕ ਸਾਬਕਾ ਸੈਨਿਕ ਵੱਲੋਂ ਉਸ ਨੂੰ ਬੁਰੀ ਤਰ੍ਹਾਂ ਨਾਲ ਕੁੱਟਿਆ ਗਿਆ ਬੇਸ਼ਰਮੀ ਦੀਆਂ ਸਾਰੀਆਂ ਹੱਦਾਂ ਬੰਨੇ ਪਾਰ ਕਰਕੇ ਮਾਸੂਮ ਬੱਚੇ ਤੇ ਕੀਤਾ ਗਿਆ ਅੱਤਿਆਚਾਰ ਇਸ ਵੀਡੀਓ ਨੂੰ ਵੇਖਦਿਆਂ ਸਾਰ ਹੀ ਅਕਾਲ ਸੇਵਾ ਫਾਊਂਡੇਸ਼ਨ ਦੇ ਪ੍ਰਧਾਨ ਹਰਪਾਲ ਸਿੰਘ ਰੰਧਾਵਾ ਤੇ ਉਹਨਾਂ ਦੀ ਸਮੁੱਚੀ ਟੀਮ ਤੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਤੁਰੰਤ ਘਟਨਾ ਵਾਲੀ ਥਾਂ ਤੇ ਮੌਕੇ ਤੇ ਪਹੁੰਚੇ ਤੇ ਉਥੋਂ ਦੇ ਪ੍ਰਸ਼ਾਸਨ ਤੇ ਨੁਮਾਇੰਦਿਆਂ ਨਾਲ ਇਸ ਵਿਸ਼ੇ ਤੇ ਗੱਲਬਾਤ ਕੀਤੀ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਦੋਸ਼ੀ ਖਿਲਾਫ ਬਣਦੀ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਗੱਲਬਾਤ ਕਰਦੇ ਹੋਏ ਸੋਨੂ ਜੰਡਿਆਲਾ ਨੇ ਦੱਸਿਆ ਕਿ ਅਜਿਹੀ ਘਟਨਾ ਨੂੰ ਵੇਖ ਕੇ ਬੇਹਦ ਦਿਲ ਨੂੰ ਦੁੱਖ ਲੱਗਿਆ ਕਿ ਇੱਕ ਮਾਸੂਮ ਬੱਚੀ ਤੇ ਅਮਰੂਦ ਤੋੜਨ ਤੇ ਇਨੀ ਕੁੱਟਮਾਰ ਇੱਕ ਵਿਅਕਤੀ ਵੱਲੋਂ ਕੀਤੀ ਜਾਵੇ ਉਹਨਾਂ ਕਿਹਾ ਕਿ ਅਜਿਹੇ ਦਰਿੰਦਿਆਂ ਨੂੰ ਕੋਈ ਅਧਿਕਾਰ ਨਹੀਂ ਹੈ ਕਿ ਮਾਸੂਮਾਂ ਤੇ ਅੱਤਿਆਚਾਰ ਕੀਤਾ ਜਾਵੇ ਉਹਨਾਂ ਕਿਹਾ ਕਿ ਜਦੋਂ ਤੱਕ ਬੱਚੀ ਦੇ ਪਰਿਵਾਰ ਨੂੰ ਇਨਸਾਫ ਨਹੀਂ ਦਵਾ ਲੈਂਦੇ ਉਦੋਂ ਤੱਕ ਅਸੀਂ ਪਿੱਛੇ ਨਹੀਂ ਹਟਾਂਗੇ ਗੱਲਬਾਤ ਕਰਦੇ ਹੋਏ ਸੋਨੂ ਜੰਡਿਆਲਾ ਨੇ ਦੱਸਿਆ ਕਿ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਉਨਾਂ ਦੇ ਥਾਣਾ ਸਦਰ ਦੀ ਪੁਲਿਸ ਨੇ ਬੱਚੀ ਦਾ ਮੈਡੀਕਲ ਕਰਵਾ ਕੇ ਦੋਸ਼ੀ ਖਿਲਾਫ ਬਣਦੀ ਸਖਤ ਤੋਂ ਸਖਤ ਕਾਰਵਾਈ ਕਰਨ ਦਾ ਭਰੋਸਾ ਦਵਾਇਆ ਹੈ। ਹਿਮਾਚਲ ਸਰਕਾਰ ਤੇ ਹਿਮਾਚਲ ਪੁਲਿਸ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਨੂੰ ਬੜੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਸ਼ਡਵਾਉਣ ਵਾਲੇ ਨੂੰ ਵੀ ਅੱਗੋਂ ਧਮਕੀਆਂ ਦਿੱਤੀਆਂ ਜਾ ਰਹੀਆਂ ਨੇ ਹਰ ਇਨਸਾਨ ਦਾ ਵੇਖ ਕੇ ਦਿਲ ਰੋ ਪਿਆ ਤੇ ਅੱਜ ਹਰ ਵਿਅਕਤੀ ਇਨਸਾਫ ਦੀ ਗੁਹਾਰ ਲਗਾ ਰਿਹਾ ਹੈ ਤੇ ਦੋਸ਼ੀ ਖਿਲਾਫ ਬਣਦੀ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕਰ ਰਿਹਾ ਆਮ ਲੋਕਾਂ ਦਾ ਕਹਿਣਾ ਹੈ ਕਿ ਅਜਿਹੇ ਲੋਕਾਂ ਖਿਲਾਫ ਕਾਰਵਾਈ ਹੋਣੀ ਚਾਹੀਦੀ ਹੈ ਜੋ ਲੋਕ ਮਾਸੂਮ ਬੱਚਿਆਂ ਤੇ ਅੱਤਿਆਚਾਰ ਕਰਦੇ ਨੇ ਇਸ ਤੋਂ ਇਲਾਵਾ ਉਹਨਾਂ ਨੇ ਦੱਸਿਆ ਕਿ ਜੇਕਰ ਅਜਿਹੀਆਂ ਘਟਨਾ ਨੂੰ ਨਾ ਰੋਕਿਆ ਗਿਆ ਤਾਂ ਇਸ ਦਾ ਨਤੀਜਾ ਆਉਣ ਵਾਲੀਆਂ ਪੀੜੀਆਂ ਨੂੰ ਭੁਗਤਣਾ ਪਵੇਗਾ ਆਖਰ ਵਿੱਚ ਉਹਨਾਂ ਨੇ ਹਿਮਾਚਲ ਪ੍ਰਦੇਸ਼ ਦੇ ਜਿਲਾ ਪ੍ਰਸ਼ਾਸਨ ਦਾ ਤੇ ਹਿਮਾਚਲ ਦੀ ਸਰਕਾਰ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਜਿਨਾਂ ਨੇ ਦੋਸ਼ੀ ਖਿਲਾਫ ਬਣਦੀ ਸਖਤ ਤੋਂ ਸਖਤ ਕਾਰਵਾਈ ਕੀਤੀ ਅਕਾਲ ਸੇਵਾ ਫਾਊਂਡੇਸ਼ਨ ਦੇ ਪ੍ਰਧਾਨ ਹਰਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਸਾਨੂੰ ਬੱਚੀ ਦੇ ਪਰਿਵਾਰ ਨਾਲ ਹਮਦਰਦੀ ਹੈ ਤੇ ਅਸੀਂ ਉਸ ਦੇ ਇਸ ਦੁੱਖ ਦੀ ਘੜੀ ਵਿੱਚ ਨਾਲ ਹਾਂ ਤੇ ਇਸ ਤੋਂ ਇਲਾਵਾ ਅਸੀਂ ਆਪਣੀ ਹਿਮਾਚਲ ਦੀ ਟੀਮ ਨੂੰ ਵੀ ਤੇ ਇੱਥੇ ਇੱਕ ਆਪਣੇ ਵੱਲੋਂ ਐਡਵੋਕੇਟ ਨੂੰ ਵੀ ਬੇਨਤੀ ਕੀਤੀ ਹੈ ਕਿ ਉਹ ਪਰਿਵਾਰ ਦੀ ਮਦਦ ਕਰਨ ਤੇ ਐਡਵੋਕੇਟ ਕਹੋਲ ਸ਼ਰਮਾ ਨੇ ਕਿਹਾ ਕਿ ਅਸੀਂ ਪਰਿਵਾਰ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇ ਹਾਂ ਤੇ ਜਿੱਥੇ ਵੀ ਜ਼ਰੂਰਤ ਪਰਿਵਾਰ ਨੂੰ ਹੋਵੇਗੀ ਅਸੀਂ ਉਹਨਾਂ ਦੀ ਮਦਦ ਲਈ ਤਿਆਰ ਹਾਂ।



# ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਦੇ ਨਾਲ ਮਿਲ ਕੇ ਮਨਾਇਆ ਵਿਸ਼ਵ ਸਿਹਤ ਦਿਵਸ




**ਫ਼ਿਰੋਜ਼ਪੁਰ, 07 ਅਪ੍ਰੈਲ (ਮਨੋਹਰ ਲਾਲ) :—** ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਅੱਜ ਉਜਾਲਾ ਸਿਗਨਸ ਦੇ ਨਾਲ ਸਾਂਝੇਦਾਰੀ ਵਿੱਚ ਵਿਸ਼ਵ ਸਿਹਤ ਦਿਵਸ ਮਨਾਉਣ ਲਈ ਪ੍ਰੈਸ ਕਾਨਫਰੰਸ ਦਾ ਆਯੋਜਨ ਕੀਤਾ। ਇਸ ਮੌਕੇ ਤੇ ਹਸਪਤਾਲ ਨੇ ਭਾਈਚਾਰੇ ਲਈ ਸੌਖੀਆਂ, ਸਸਤੀ ਅਤੇ ਉਨਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਆਪਣੀ ਵਚਨਬਧਤਾ ਨੂੰ ਦੋਹਰਾਇਆ। ਇਸ ਸਾਲ ਦਾ ਵਿਸ਼ਾ ਸੀ ਸਿਹਤ ਲਈ ਇਕਜੁਟ ਹੋਵੋ, ਵਿਗਿਆਨ ਦੇ ਨਾਲ ਖੜੇ ਹੋਵੋ। ਇਹ ਵਿਸ਼ਾ ਹਸਪਤਾਲ ਦੇ ਮਿਸ਼ਨ ਨਾਲ ਮੇਲ ਖਾਂਦਾ ਹੈ, ਜੋ ਖੇਤਰ ਵਿੱਚ ਗੁਣਵੱਤਾਪੂਰਨ ਸਿਹਤ ਸੇਵਾਵਾਂ ਵਧਾਉਣ ਤੇ ਧਿਆਨ ਕੇਂਦਰਿਤ ਹੈ। ਪ੍ਰੈਸ ਕਾਨਫਰੰਸ ਦੌਰਾਨ ਸੀਨੀਅਰ ਡਾਕਟਰਾਂ ਨੇ ਨਿਵਾਰਕ ਸਿਹਤ ਦੇਖਭਾਲ ਅਤੇ ਆਧੁਨਿਕ ਚਿਕਿਤਸਾ ਇਲਾਜ ਵਿੱਚ ਤਰੱਕੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਡਾ: ਹਕੀਮ ਇਰਫਾਨ ਸ਼ੌਕਤ (ਸੀਨੀਅਰ ਸਲਾਹਕਾਰ ਅਤੇ ਡਾਇਰੈਕਟਰ, ਕੈਥ ਲੈਬ), ਡਾ: ਚੇਤਨ ਕੁਮਾਰ ਐਨ ਜੀ (ਸੀਨੀਅਰ ਸਲਾਹਕਾਰ, ਪਲਮੋਨੋਲੋਜੀ ਅਤੇ ਕਰਿਟੀਕਲ ਕੇਅਰ), ਡਾ: ਆਰੀਫ ਹੁਸੈਨ ਸਰਮਸਤ (ਸੀਨੀਅਰ ਸਲਾਹਕਾਰ, ਨਿਊਰੋ ਅਤੇ ਸਪਾਈਨ), ਡਾ: ਕੰਵਲਜੀਤ ਸਿੰਘ (ਕਨਸਲਟੈਂਟ, ਜਨਰਲ ਸਰਜਰੀ) ਅਤੇ ਡਾ: (ਮੇਜਰ) ਡੇਵਿਡ ਔਗਸਟਿਨ (ਸੀਨੀਅਰ ਸਲਾਹਕਾਰ, ਬਾਲ ਰੋਗ ਅਤੇ ਨਿਓਨੇਟੋਲੋਜੀ) ਹਾਜ਼ਰ ਸਨ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਇਸ ਸਾਂਝੇਦਾਰੀ ਨਾਲ ਅਧੁਨਿਕ ਤਕਨਾਲੋਜੀ ਅਤੇ ਵਿਸ਼ੇਸ਼ਜਤਾ ਦਾ ਲਾਭ ਮਿਲ ਰਿਹਾ ਹੈ, ਜਿਸ ਨਾਲ ਮਰੀਜ਼ਾਂ ਨੂੰ ਸਭ ਤੋਂ ਵਧੀਆ ਦੇਖਭਾਲ ਮਿਲਦੀ ਹੈ। ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਕਿਹਾ ਕਿ ਹਸਪਤਾਲ ਸਥਾਨਕ ਸਿਹਤ ਭਲਾਈ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ ਅਤੇ ਇਹ ਸਹੂਲਤ ਫਿਰੋਜ਼ਪੁਰ ਵਾਸੀਆਂ ਲਈ ਬਿਹਤਰ ਚਿਕਿਤਸਾ ਢਾਂਚਾ ਮੁਹੱਈਆ ਕਰਨ ਲਈ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਅਮਨਦੀਪ ਹਸਪਤਾਲ ਕਾਰਡੀਓਲੋਜੀ, ਪਲਮੋਨੋਲੋਜੀ, ਨਿਊਰੋਲੋਜੀ, ਜਨਰਲ ਸਰਜਰੀ ਅਤੇ ਬਾਲ ਰੋਗ ਸਮੇਤ ਕਈ ਵਿਸ਼ੇਸ਼ ਸੇਵਾਵਾਂ ਪ੍ਰਦਾਨ ਕਰਦਾ ਹੈ, ਜਿਸ ਨਾਲ ਖੇਤਰ ਵਿੱਚ ਗੁਣਵੱਤਾਪੂਰਨ ਸਿਹਤ ਦੇਖਭਾਲ ਹੋਰ ਵੀ ਸੌਖੀ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਅਮਨਦੀਪ ਗਰੁੱਪ 750 ਤੋਂ ਵੱਧ ਬੈਡ ਅਤੇ ਛੇ ਰਣਨੀਤਿਕ ਸਥਾਨਾਂ ਤੇ 170 ਤੋਂ ਵੱਧ ਵਿਸ਼ੇਸ਼ ਡਾਕਟਰਾਂ ਦੀ ਟੀਮ ਨਾਲ ਕੰਮ ਕਰਦਾ ਹੈ।

# ਅਨਿਲ ਬਾਗੀ ਹਸਪਤਾਲ ਨੇ ਲਾਇਆ ਵਿਸ਼ੇਸ਼ ਜਾਂਚ ਕੈਂਪ





ਫ਼ਿਰੋਜ਼ਪੁਰ, 07 ਅਪ੍ਰੈਲ (ਮਨੋਹਰ ਲਾਲ) :— ਅਨਿਲ ਬਾਗੀ ਹਸਪਤਾਲ ਵਿੱਚ ਅੱਜ ਵਰਲਡ ਹੈਲਥ ਡੇ ਦੇ ਮੌਕੇ ਤੇ ਵਿਸ਼ੇਸ਼ ਸਿਹਤ ਸ਼ਿਵਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਪਹੁੰਚ ਕੇ ਲਾਭ ਉਠਾਇਆ। ਇਸ ਮੌਕੇ ਹਸਪਤਾਲ ਪ੍ਰਬੰਧਕਾਂ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਨ ਦੇ ਨਾਲ—ਨਾਲ ਸਿਹਤ ਸੰਬੰਧੀ ਜਾਗਰੂਕਤਾ ਵਧਾਉਣ ਤੇ ਵੀ ਖਾਸ ਜ਼ੋਰ ਦਿੱਤਾ ਗਿਆ। ਜਾਣਕਾਰੀ ਦਿੰਦਿਆਂ ਹਸਪਤਾਲ ਦੇ ਡਾਇਰੈਕਟਰ ਡਾ: ਕਮਲ ਬਾਗੀ ਨੇ ਦੱਸਿਆ ਕਿ ਵਰਲਡ ਹੈਲਥ ਡੇ ਦੇ ਉਪਲੱਖ ਵਿੱਚ ਅੱਜ ਓ.ਪੀ.ਡੀ ਸੇਵਾਵਾਂ ਪੂਰੀ ਤਰ੍ਹਾਂ ਮੁਫ਼ਤ ਰੱਖੀਆਂ ਗਈਆਂ ਤਾਂ ਕਿ ਵੱਧ ਤੋਂ ਵੱਧ ਲੋਕ ਬਿਨਾਂ ਕਿਸੇ ਹਿਚਕਿਚਾਹਟ ਦੇ ਆਪਣੀ ਸਿਹਤ ਜਾਂਚ ਕਰਵਾ ਸਕਣ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਲੋਕ ਛੋਟੀਆਂ—ਛੋਟੀਆਂ ਬਿਮਾਰੀਆਂ ਨੂੰ ਅਣਦੇਖਾ ਕਰਦੇ ਹਨ, ਜੋ ਅੱਗੇ ਜਾ ਕੇ ਗੰਭੀਰ ਰੂਪ ਲੈ ਸਕਦੀਆਂ ਹਨ, ਇਸ ਲਈ ਸਮੇਂ ਸਿਰ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਇਸ ਦੌਰਾਨ ਹਸਪਤਾਲ ਵਿੱਚ ਈ.ਸੀ.ਜੀ, ਬਲੱਡ ਸ਼ੂਗਰ, ਏਚਬੀਏ1ਸੀ ਅਤੇ ਬੀਐਮਡੀ ਵਰਗੀਆਂ ਮਹੱਤਵਪੂਰਣ ਜਾਂਚਾਂ ਵੀ ਮੁਫ਼ਤ ਕੀਤੀਆਂ ਗਈਆਂ। ਮਰੀਜ਼ਾਂ ਨੇ ਇਨ੍ਹਾਂ ਸੇਵਾਵਾਂ ਦਾ ਪੂਰਾ ਲਾਭ ਉਠਾਇਆ। ਇਸ ਤੋਂ ਇਲਾਵਾ ਹਸਪਤਾਲ ਦੀ ਲੈਬ ਵਿੱਚ ਸਾਰੇ ਪ੍ਰਕਾਰ ਦੇ ਟੈਸਟਾਂ ਤੇ 20 ਫੀਸਦੀ ਦੀ ਵਿਸ਼ੇਸ਼ ਛੂਟ ਵੀ ਦਿੱਤੀ ਗਈ, ਜਿਸ ਨਾਲ ਲੋਕਾਂ ਨੂੰ ਆਰਥਿਕ ਰਾਹਤ ਵੀ ਮਿਲੀ। ਡਾ: ਬਾਗੀ ਨੇ ਦੱਸਿਆ ਕਿ ਐਸੇ ਆਯੋਜਨਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ, ਨਿਯਮਤ ਜਾਂਚ ਦੀ ਆਦਤ ਪੈਦਾ ਕਰਨਾ ਅਤੇ ਸਮਾਜ ਵਿੱਚ ਸਿਹਤ ਪ੍ਰਤੀ ਸਕਾਰਾਤਮਕ ਸੋਚ ਵਿਕਸਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅਨਿਲ ਬਾਗੀ ਹਸਪਤਾਲ ਭਵਿੱਖ ਵਿੱਚ ਵੀ ਐਸੇ ਜਨਹਿਤਕ ਉਪਰਾਲੇ ਜਾਰੀ ਰੱਖੇਗਾ। ਕੈਂਪ ਦੌਰਾਨ ਹਸਪਤਾਲ ਸਟਾਫ਼ ਨੇ ਮਰੀਜ਼ਾਂ ਨੂੰ ਸੰਤੁਲਿਤ ਆਹਾਰ, ਨਿਯਮਤ ਵਿਆਯਾਮ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਮਰੀਜ਼ਾਂ ਨੇ ਹਸਪਤਾਲ ਦੀ ਇਸ ਪਹਿਲ ਦੀ ਸਰਾਹਨਾ ਕਰਦੇ ਹੋਏ ਇਸਨੂੰ ਜਨਸੇਵਾ ਦੀ ਦਿਸ਼ਾ ਵਿੱਚ ਇੱਕ ਸੁਰਾਹਣਯੋਗ ਕਦਮ ਦਿੱਤਾ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243